ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

You Tube https://youtu.be/LQwolgxDu7I

International Daily Newspaper & WEB TV

awazeqaumtvpunjab@gmail.com

ਬੁੱਧਵਾਰ, 29 ਅਪ੍ਰੈਲ 2026 (ਨਾਨਕਸ਼ਾਹੀ ਸੰਮਤ : ੫੫੮, ੧੬ ਵੈਸਾਖ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243

## ਡੀਆਈਜੀ ਪਟਿਆਲਾ ਰੇਂਜ ਕੁਲਦੀਪ ਸਿੰਘ ਚਹਿਲ ਦਾ ਵੱਡਾ ਖੁਲਾਸਾ

# ਆਈਐਸਆਈ ਮਡਿਊਲ ਨੇ ਵਾਰਦਾਤ ਨੂੰ ਦਿੱਤਾ ਅੰਜਾਮ

**ਪਟਿਆਲਾ, 28 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਰਾਜਪੁਰਾ ਰੇਲਵੇ ਟਰੈਕ 'ਤੇ ਧਮਾਕੇ ਮਾਮਲੇ 'ਚ ਵੱਡੇ ਅਪਡੇਟ ਸਾਹਮਣੇ ਆਈ ਹੈ। ਮਿਲੀ ਜਾਣਕਾਰੀ ਮੁਤਾਬਿਕ ਮਲੇਸ਼ੀਆ ਬੈਠੇ ਹੈਂਡਲਰਾਂ ਨਾਲ ਇਸ ਧਮਾਕੇ ਦੇ ਮਾਮਲੇ ਦੇ ਪਿੱਛੇ ਲਿੰਕ ਸਾਹਮਣੇ ਆਏ ਹਨ। ਇਸ ਸਬੰਧੀ ਜਾਣਕਾਰੀ ਪਟਿਆਲਾ ਰੇਂਜ ਦੇ ਡੀਆਈਜੀ ਕੁਲਦੀਪ ਸਿੰਘ ਚਹਿਲ ਵੱਲੋਂ ਦਿੱਤੀ ਗਈ ਹੈ। ਵਿਦਿਅਕ ਸਰੋਤ ਪਟਿਆਲਾ ਪੁਲਿਸ ਨੇ 12 ਘੰਟਿਆਂ ਦੇ ਅੰਦਰ ਹੀ ਸ਼ੰਭੂ ਅੰਬਾਲਾ ਰੇਲਵੇ ਮਾਰਗ 'ਤੇ ਹੋਏ ਬੰਬ ਧਮਾਕੇ ਦੀ ਗੁੱਥੀ ਸੁਲਝਾ ਲਈ ਹੈ। ਇਸ ਦੇ ਨਾਲ ਹੀ ਸਰਹੱਦ ਪਾਰੋਂ ਪਾਕਿਸਤਾਨ ਦੀ ਖੁਫੀਆਂ ਏਜੰਸੀ (ਆਈ ਐਸ ਆਈ) ਦੀ ਸ਼ਹਿ 'ਤੇ ਚੱਲਣ ਵਾਲੇ ਅੱਤਵਾਦੀ ਮਡਿਊਲ ਦਾ ਪਰਦਾਫਾਸ ਕਰਕੇ ਭਾਰੀ ਮਾਤਰਾ ਵਿੱਚ ਜੰਗੀ





ਅਸਲਾ ਐਮੋਨੀਸ਼ਨ ਬਰਾਮਦ ਕਰਦਿਆਂ ਅੱਤਵਾਦੀ ਮੌਡਿਊਲ ਦੇ 4 ਪੇਸ਼ੇਵਰ ਦੋਸ਼ੀਆਂ ਨੂੰ ਵੀ ਗ੍ਰਿਫ਼ਤਾਰ ਕਰਨ ਵਿੱਚ ਵੱਡੀ ਸਫ਼ਲਤਾ ਹਾਸਲ ਕੀਤੀ ਹੈ। ਇਹ ਖੁਲਾਸਾ ਪਟਿਆਲਾ ਰੇਂਜ ਦੇ ਡੀਆਈਜੀ ਕੁਲਦੀਪ ਸਿੰਘ ਚਾਹਲ ਅਤੇ ਜ਼ਿਲ੍ਹਾ ਪੁਲਿਸ ਮੁਖੀ ਵਰੁਣ ਸ਼ਰਮਾ ਨੇ ਪਟਿਆਲਾ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਪ੍ਰੈਸ ਕਾਨਫਰੰਸ ਦੌਰਾਨ ਡੀਆਈਜੀ ਕੁਲਦੀਪ ਸਿੰਘ ਚਾਹਲ ਨੇ ਦੱਸਿਆ ਕਿ ਸ਼ੰਭੂ ਅੰਬਾਲਾ ਰੇਲਵੇ ਮਾਰਗ 'ਤੇ ਹੋਏ ਬੰਬ ਧਮਾਕੇ ਦੀ ਗੁੱਥੀ ਸੁਲਝਾਉਣ ਲਈ ਪਟਿਆਲਾ ਦੇ ਐਸ ਪੀ (ਸਥਾਨਕ) ਵੈਭਵ ਚੌਧਰੀ ਦੀ ਨਿਗਰਾਨੀ ਹੇਠ ਡੀ ਐਸ ਪੀ ਡੀ ਸੁਖਅਮ੍ਰਿੰਤ ਸਿੰਘ ਰੰਧਾਵਾ, ਸੀਆਈਏ ਪਟਿਆਲਾ ਦੇ ਇੰਚਾਰਜ ਇੰਸਪੈਕਟਰ ਪ੍ਰਦੀਪ ਸਿੰਘ ਬਾਜਵਾ ਸੀਆਈਏ ਸਮਾਣਾ ਦੇ ਇੰਚਾਰਜ, ਇੰਸਪੈਕਟਰ ਅੰਕੁਰਦੀਪ ਸਿੰਘ, ਮੁੱਖ ਅਫਸਰ ਥਾਣਾ ਕੋਤਵਾਲੀ ਪਟਿਆਲਾ ਇੰਸਪੈਕਟਰ ਜਸਪ੍ਰੀਤ ਸਿੰਘ ਕਾਹਲੋਂ, ਇੰਚਾਰਜ ਸਪੈਸਲ ਸੈਲ ਰਾਜਪੁਰਾ ਐਸਆਈ ਮਨਪ੍ਰੀਤ ਸਿੰਘ ਦੀਆਂ ਟੀਮਾਂ ਦਾ ਗਠਨ ਕੀਤਾ ਗਿਆ ਪੁਲਿਸ ਦੀਆਂ ਟੀਮਾਂ ਨੇ ਬਹੁਤ ਹੀ ਪੇਸ਼ੇਵਰ ਪਹੁੰਚ ਅਪਣਾਉਂਦੇ ਹੋਏ ਇਸ ਮਾਮਲੇ ਵਿੱਚ ਦੋਸ਼ੀਆਂ ਪਰਦੀਪ ਸਿੰਘ ਖ਼ਾਲਸਾ ਪੁੱਤਰ ਨਿਰਮਲ ਸਿੰਘ ਵਾਸੀ ਵਾਰਡ ਨੰਬਰ 1 ਡਾਕਟਰ ਨਿਸਾਨ ਸਿੰਘ ਵਾਲੀ ਗਲੀ, ਬੈਕ ਸਾਇਡ ਸਿੱਧੂ ਹਸਪਤਾਲ ਮਾਨਸਾ, ਕੁਲਵਿੰਦਰ ਸਿੰਘ ਬੱਗਾ ਪੁੱਤਰ ਸੀਰਾ ਸਿੰਘ ਵਾਸੀ ਬੱਪੀਆਨਾ ਜ਼ਿਲ੍ਹਾ ਮਾਨਸਾ, ਸਤਨਾਮ ਸਿੰਘ ਸੱਤਾ ਪੁੱਤਰ ਲਖਵਿੰਦਰ ਸਿੰਘ ਵਾਸੀ ਪੰਜਵੜ੍ਹ ਜਿਲਾ ਤਰਨਤਾਰਨ ਅਤੇ ਗੁਰਪ੍ਰੀਤ ਸਿੰਘ ਉਰਫ ਗੋਪੀ ਪੁੱਤਰ ਸੁਖਵਿੰਦਰ ਸਿੰਘ ਵਾਸੀ ਬਾਬਾ ਬਿਧੀ ਚੰਦ ਨਗਰ ਮੁਰਾਦਪੁਰ ਖੁਰਦ ਗੋਇੰਦਵਾਲ, ਬਾਈਪਾਸ ਥਾਣਾ ਸਿਟੀ ਤਰਨਤਾਰਨ ਨੂੰ ਗ੍ਰਿਫ਼ਤਾਰ ਕੀਤਾ ਹੈ। ਡੀਆਈਜੀ ਨੇ ਦੱਸਿਆ ਕਿ ਇਨ੍ਹਾਂ ਮੁਲਜ਼ਮਾਂ ਕੋਲੋਂ ਭਾਰੀ ਮਾਤਰਾਂ ਵਿੱਚ ਜੰਗੀ ਅਸਲਾ ਐਮੋਨੀਸ਼ਨ ਬਰਾਮਦ ਕੀਤਾ ਗਿਆ ਹੈ, ਜੋ ਕਿ ਇੰਨ੍ਹਾਂ ਨੇ ਸਰਹੱਦ ਪਾਰ ਬੈਠੇ ਆਪਣੇ ਅੱਤਵਾਦੀ ਹੈਡਲਰਾਂ ਦੀ ਮੱਦਦ ਨਾਲ ਹਾਸਲ ਕੀਤਾ ਹੈ, ਜਿਸ ਵਿੱਚ ਇਕ ਬੰਬ, 2 ਪਿਸਟਲ ਸਮੇਤ ਜਿੰਦਾ ਰੌਂਦ, ਆਈਈਡੀ ਦੀ ਵਰਤੋ ਵਿੱਚ ਅਉਣ ਵਾਲਾ ਸਮਾਨ ਅਤੇ ਮਲੇਸ਼ੀਆ ਬੈਠੇ ਹੈਡਲਰਾਂ ਨਾਲ ਗੱਲਬਾਤ ਕਰਨ ਲਈ ਵਰਤਿਆ ਜਾਣ ਵਾਲਾ ਲੈਪਟਾਪ ਅਤੇ ਹੋਰ ਤਕਨੀਕੀ ਸਮੱਗਰੀ ਬਰਾਮਦ ਕੀਤੀ ਹੈ। ਡੀਆਈਜੀ ਕੁਲਦੀਪ ਸਿੰਘ ਚਾਹਲ ਨੇ ਦੱਸਿਆ ਕਿ ਮੁੱਢਲੀ ਪੁੱਛਗਿੱਛ ਤੋਂ ਇਹ ਗੱਲ ਸਾਹਮਣੇ ਆਈ ਹੈ ਕਿ ਇਸ ਅੱਤਵਾਦੀ ਮਡਿਊਲ ਦਾ ਮੁੱਖ ਸਰਗਣਾ ਪਰਦੀਪ ਸਿੰਘ ਖ਼ਾਲਸਾ ਹੈ ਜਿਸਨੇ ਗਰਮਖਿਆਲੀ ਵਿਚਾਰਧਾਰਾ ਤੋਂ ਪ੍ਰਭਾਵਿਤ ਹੋਕੇ "ਚੱਲਦਾ ਵਹੀਰ ਚੱਕਰਵਰਤੀ , ਅਟਾਰੀਏ" ਜਥੇਬੰਦੀ ਬਣਾਈ ਹੋਈ ਸੀ, ਅਤੇ ਇਹ ਵਿਦੇਸ਼ ਮਲੇਸ਼ੀਆ ਵਿੱਚ ਬੈਠੇ ਖਾਲਿਸਤਾਨੀ ਰੈਡੀਕਲ ਗਰੁੱਪਾਂ ਅਤੇ ਪਾਕਿਸਤਾਨ ਵਿੱਚ ਬੈਠੇ ਖਾਲਿਸਤਾਨੀ ਹੈਡਲਰਾਂ ਦੇ ਲਗਾਤਾਰ ਸੰਪਰਕ ਵਿੱਚ ਸੀ।

## "ਮੈਂ ਥਾਣਾ ਉੱਥੇ ਬੰਨ੍ਹ ਲੈਣਾ...', ਰੇਲਵੇ ਟਰੈਕ ਧਮਾਕਾ ਮਾਮਲੇ 'ਚ ਮ੍ਰਿਤਕ ਜਗਰੂਪ ਦੀ ਮਾਂ ਆਈ ਸਾਹਮਣੇ

**ਤਰਨਤਾਰਨ, 28 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਇੱਥੇ ਸ਼ੰਭੂ-ਅੰਬਾਲਾ ਰੇਲਵੇ ਟਰੈਕ 'ਤੇ ਹੋਏ ਧਮਾਕੇ ਦੌਰਾਨ ਮਾਰੇ ਗਏ ਜਗਰੂਪ ਸਿੰਘ ਦੀ ਮਾਂ ਨੇ ਮੀਡੀਆ ਅੱਗੇ ਆਪਣੇ ਬਿਆਨ ਦਿੱਤੇ ਹਨ। ਮਾਂ ਨੇ ਕਿਹਾ ਕਿ ਮੇਰੇ ਪੁੱਤ ਨੇ ਕਦੇ ਕਿਸੇ ਨੂੰ ਮਾੜਾ ਨਹੀਂ ਕਿਹਾ ਅਤੇ ਨਾ ਹੀ ਕੋਲ ਗਲਤ ਕੰਮ ਕੀਤਾ ਹੈ। ਉਹ ਸੇਵਾ 'ਤੇ ਜਾਂਦਾ ਸੀ ਅਤੇ ਆਪਣੇ ਪਰਿਵਾਰ ਦੇ ਨਾਲ-ਨਾਲ ਆਪਣੇ ਭਰਾ ਦਾ ਵੀ ਪਾਲਣ-ਪੋਸ਼ਣ ਕਰਦਾ ਸੀ। ਮਾਂ ਨੇ ਕਿਹਾ ਕਿ ਮੇਰੇ ਛੋਟੇ ਪੁੱਤ ਨੂੰ ਨਾਜਾਇਜ਼ ਪੁਲਸ ਚੁੱਕ ਕੇ ਲੈ ਗਈ ਹੈ ਅਤੇ ਉਸ ਨੂੰ ਕੁੱਝ ਨਹੀਂ ਹੋਣਾ ਚਾਹੀਦਾ। ਉਸ ਨੇ ਕਿਹਾ ਕਿ ਮੇਰੇ ਛੋਟੇ ਪੁੱਤ ਨੂੰ ਤੜਕੇ ਸਵੇਰੇ ਪੁਲਸ ਵਾਲੇ ਆਪਣੇ ਨਾਲ ਲੈ ਗਏ ਅਤੇ ਅਜੇ ਤੱਕ ਉਸ ਦਾ ਕੁੱਝ ਪਤਾ ਨਹੀਂ ਲੱਗ ਰਿਹਾ ਕਿ ਉਹ ਕਿੱਥੇ ਹੈ। ਉਸ ਨੇ ਚਿਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਮੇਰੇ ਪੁੱਤ ਨੂੰ ਕੁੱਝ ਹੋ ਗਿਆ ਤਾਂ ਮੈਂ ਥਾਣਾ ਉੱਥੇ ਬੰਨ੍ਹ ਲੈਣਾ ਅਤੇ ਥਾਣੇ ਮੂਹਰੇ ਧਰਨਾ ਲਾ ਦੇਣਾ ਹੈ। ਜਗਰੂਪ ਸਿੰਘ ਬਾਰੇ ਦੱਸਦਿਆਂ ਮਾਂ ਨੇ ਕਿਹਾ ਕਿ ਉਹ ਦਲ ਪੰਥ ਨਾਲ ਸੇਵਾ 'ਤੇ ਜਾਂਦਾ ਸੀ ਅਤੇ ਬੀਤੇ ਦਿਨ ਦਾ ਉਹ ਘਰੋਂ ਗਿਆ ਸੀ। ਸ਼ੰਭੂ-ਅੰਬਾਲਾ ਰੇਲ ਮਾਰਗ 'ਤੇ ਸੋਮਵਾਰ ਰਾਤ ਜ਼ਬਰਦਸਤ ਧਮਾਕਾ ਹੋਇਆ, ਜਿਸ 'ਚ ਸ਼ੰਭੂ ਕੋਲ ਰੇਲਵੇ ਲਾਈਨ ਨੁਕਸਾਨੀ ਗਈ। ਰੇਲਵੇ ਟਰੈਕ ਤੋਂ ਇਕ ਮਨੁੱਖੀ ਧੜ ਦਾ ਕੁੱਝ ਹਿੱਸਾ ਵੀ ਮਿਲਿਆ। ਬੰਬ ਧਮਾਕੇ 'ਚ ਮਾਰੇ ਗਏ ਮੁਲਜ਼ਮ ਦੀ ਪਛਾਣ ਜਗਰੂਪ ਸਿੰਘ ਪੁੱਤਰ ਲਖਵਿੰਦਰ ਸਿੰਘ ਵਜੋਂ ਹੋਈ ਸੀ, ਜੋ ਕਿ ਪਿੰਡ ਪੰਜਵੜ ਜ਼ਿਲ੍ਹਾ ਤਰਨਤਾਰਨ ਦਾ ਰਹਿਣ ਵਾਲਾ ਸੀ।




## ਪੰਜਾਬ: ਛੁੱਟੀ ਮਗਰੋਂ ਚੱਲਦੀ ਸਕੂਲ ਬੱਸ ਨੂੰ ਲੱਗ ਗਈ ਅੱਗ

**ਬਟਾਲਾ, 28 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਬਟਾਲਾ-ਅੰਮ੍ਰਿਤਸਰ ਨੈਸ਼ਨਲ ਹਾਈਵੇ 'ਤੇ ਉਸ ਵੇਲੇ ਹੜਕੰਪ ਮਚ ਗਿਆ ਜਦੋਂ ਚੱਲਦੀ ਇੱਕ ਸਕੂਲ ਬੱਸ 'ਚ ਅਚਾਨਕ ਅੱਗ ਲੱਗ ਗਈ। ਘਟਨਾ ਦੌਰਾਨ ਬੱਸ ਚਾਲਕ ਨੇ ਸੂਝਬੂਝ ਦਿਖਾਉਂਦਿਆਂ ਤੁਰੰਤ ਬੱਸ ਰੋਕੀ ਅਤੇ ਛਾਲ ਮਾਰ ਕੇ ਆਪਣੀ ਜਾਨ ਬਚਾਈ। ਜਾਣਕਾਰੀ ਮੁਤਾਬਕ ਛੁੱਟੀ ਮਗਰੋਂ ਚੱਲਦੀ ਸਕੂਲ ਬੱਸ ਨੂੰ ਅਚਾਨਕ ਅੱਗ ਲੱਗ ਗਈ। ਖੁਸ਼ਕਿਸਮਤੀ ਨਾਲ ਘਟਨਾ ਸਮੇਂ ਬੱਸ 'ਚ ਕੋਈ ਵੀ ਬੱਚਾ ਸਵਾਰ ਨਹੀਂ ਸੀ, ਜਿਸ ਕਾਰਨ ਇੱਕ ਵੱਡਾ ਹਾਦਸਾ ਟਲ ਗਿਆ। ਅੱਗ ਲੱਗਣ ਦੇ ਕਾਰਨਾਂ ਬਾਰੇ ਹਾਲੇ ਤੱਕ ਪੂਰੀ ਜਾਣਕਾਰੀ ਸਾਹਮਣੇ ਨਹੀਂ ਆ ਸਕੀ, ਪਰ ਮੁੱਢਲੀ ਜਾਣਕਾਰੀ ਮੁਤਾਬਕ ਇਹ ਘਟਨਾ ਤਕਨੀਕੀ ਖ਼ਰਾਬੀ ਕਾਰਨ ਵਾਪਰੀ ਦੱਸੀ ਜਾ ਰਹੀ ਹੈ। ਇਸ ਘਟਨਾ ਨੇ ਇਕ ਵਾਰ ਫਿਰ ਸਕੂਲ ਵਾਹਨਾਂ ਦੀ ਸੁਰੱਖਿਆ ਨੂੰ ਲੈ ਕੇ ਸਵਾਲ ਖੜ੍ਹੇ ਕਰ ਦਿੱਤੇ ਹਨ।

## ਸੈਰ ਕਰਨ ਗਏ ਕਬੱਡੀ ਖਿਡਾਰੀ ਤੇ ਸਾਥੀ ਦਾ ਅੰਨ੍ਹੇਵਾਹ ਗੋਲੀਆਂ ਮਾਰ ਕੇ ਕਤਲ

**ਬਟਾਲਾ, 28 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਬੀਤੀ ਦੇਰ ਰਾਤ ਪੁਲਸ ਜ਼ਿਲ੍ਹਾ ਬਟਾਲਾ ਦੇ ਪਿੰਡ ਭੋਮਾ 'ਚ ਇੱਕ ਵੱਡੀ ਵਾਰਦਾਤ ਸਾਹਮਣੇ ਆਈ। ਪਿੰਡ ਦੀ ਗਰਾਊਂਡ 'ਚ ਸੈਰ ਕਰ ਰਹੇ ਤਿੰਨ ਵਿਅਕਤੀਆਂ 'ਤੇ ਅਣਪਛਾਤੇ ਮੋਟਰਸਾਈਕਲ ਸਵਾਰ ਨੌਜਵਾਨਾਂ ਵੱਲੋਂ ਅੰਨ੍ਹੇਵਾਹ ਫਾਇਰਿੰਗ ਕੀਤੀ ਗਈ। ਇਸ ਵਾਰਦਾਤ ਦੌਰਾਨ ਗੋਲੀਆਂ ਲੱਗਣ ਨਾਲ ਦੋ ਨੌਜਵਾਨਾਂ ਦੀ ਮੌਕੇ 'ਤੇ ਹੀ ਮੌਤ ਹੋ ਗਈ, ਜਦਕਿ ਇੱਕ ਵਿਅਕਤੀ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਿਆ, ਜਿਸ ਦਾ ਇਲਾਜ ਹਸਪਤਾਲ ਵਿੱਚ ਚੱਲ ਰਿਹਾ ਹੈ। ਮਰਨ ਵਾਲਿਆਂ ਵਿੱਚ ਇੱਕ ਸਾਬਕਾ ਸਰਪੰਚ ਦਾ ਪੁੱਤਰ ਅਤੇ ਇੱਕ 18 ਸਾਲ ਦਾ ਕਬੱਡੀ ਖਿਡਾਰੀ ਜੁਗਰਾਜ ਸਿੰਘ ਸ਼ਾਮਲ ਹੈ। ਇਸ ਵੱਡੀ ਵਾਰਦਾਤ ਨੇ ਪੂਰੇ ਇਲਾਕੇ ਨੂੰ ਹਿਲਾ ਕੇ ਰੱਖ ਦਿੱਤਾ। ਮ੍ਰਿਤਕਾਂ ਦੇ ਪਰਿਵਾਰਾਂ ਦਾ ਰੋ-ਰੋ ਕੇ ਬੁਰਾ ਹਾਲ ਹੈ। ਕਬੱਡੀ ਖਿਡਾਰੀ ਦੀਮਾਂ ਅਤੇ ਚਾਚੇ ਨੇ ਦੱਸਿਆ ਕਿ ਉਹ ਰੋਜ਼ ਰਾਤ ਨੂੰ ਸੈਰ ਲਈ ਜਾਂਦਾ ਸੀ। ਬੀਤੀ ਰਾਤ ਵੀ ਜਦੋਂ ਉਹ ਸੈਰ ਲਈ ਗਿਆ ਤਾਂ ਕੁਝ ਸਮੇਂ ਬਾਅਦ ਪਿੰਡ ਵਿੱਚ ਗੋਲੀਆਂ ਚੱਲਣ ਦੀਆਂ ਆਵਾਜ਼ਾਂ ਸੁਣਾਈ ਦਿੱਤੀਆਂ। ਇਸ ਤੋਂ ਬਾਅਦ ਪਿੰਡ ਵਿੱਚ ਰੌਲਾ ਪੈ ਗਿਆ ਕਿ ਮੋਟਰਸਾਈਕਲ ਸਵਾਰ ਅਣਪਛਾਤੇ ਨੌਜਵਾਨ ਉਸ ਦਾ ਕਤਲ ਕਰਕੇ ਫਰਾਰ ਹੋ ਗਏ ਹਨ। ਜਾਣਕਾਰੀ ਮੁਤਾਬਕ ਤਿੰਨ ਨੌਜਵਾਨ ਮੌਕੇ 'ਤੇ ਮੌਜੂਦ ਸਨ, ਜਿਨ੍ਹਾਂ ਵਿੱਚ ਜੁਗਰਾਜ ਸਿੰਘ (ਕਬੱਡੀ ਖਿਡਾਰੀ) ਅਤੇ ਕਸ਼ਮੀਰ ਸਿੰਘ (ਸਾਬਕਾ ਸਰਪੰਚ ਦਾ ਪੁੱਤਰ) ਦੀ ਮੌਕੇ 'ਤੇ ਹੀ ਮੌਤ ਹੋ ਗਈ, ਜਦਕਿ ਤੀਜਾ ਨੌਜਵਾਨ ਗੋਲੀ ਲੱਗਣ ਨਾਲ ਗੰਭੀਰ ਜ਼ਖ਼ਮੀ ਹੋ ਗਿਆ। ਉਸ ਨੂੰ ਤੁਰੰਤ ਹਸਪਤਾਲ ਵਿੱਚ ਦਾਖ਼ਲ ਕਰਵਾਇਆ ਗਿਆ, ਜਿੱਥੇ ਉਸ ਦਾ ਇਲਾਜ ਜਾਰੀ ਹੈ। ਇਸ ਦੌਰਾਨ ਦੇਰ ਰਾਤ ਐੱਸਐੱਸਪੀ ਬਟਾਲਾ ਮਹਿਤਾਬ ਸਿੰਘ ਮੌਕੇ 'ਤੇ ਪਹੁੰਚੇ ਅਤੇ ਜਾਂਚ ਸ਼ੁਰੂ ਕਰਵਾਈ। ਉਨ੍ਹਾਂ ਦੱਸਿਆ ਕਿ ਵੱਖ-ਵੱਖ ਪੁਲਸ ਟੀਮਾਂ ਵੱਲੋਂ ਹਰ ਪੱਖ ਤੋਂ ਜਾਂਚ ਕੀਤੀ ਜਾ ਰਹੀ ਹੈ ਅਤੇ ਦੋਸ਼ੀਆਂ ਨੂੰ ਜਲਦ ਕਾਬੂ ਕਰਨ ਦਾ ਦਾਅਵਾ ਕੀਤਾ ਗਿਆ ਹੈ।

## 42ਵੇਂ ਘੱਲੂਘਾਰਾ ਦਿਵਸ ਨੂੰ ਸਮਰਪਿਤ ਗੁਰਮਤਿ ਸਮਾਗਮਾਂ ਦੀ ਆਰੰਭਤਾ 1 ਮਈ ਤੋਂ

**ਚੌਂਕ ਮਹਿਤਾ, 28 ਅਪ੍ਰੈਲ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਜੂਨ '84 ਤੀਸਰੇ ਘੱਲੂਘਾਰੇ ਦੀ ਯਾਦ 'ਚ ਹਰ ਸਾਲ ਦੀ ਤਰ੍ਹਾਂ 6 ਜੂਨ ਨੂੰ ਦਮਦਮੀ ਟਕਸਾਲ ਦੇ ਮੌਜੂਦਾ ਮੁੱਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸ੍ਰੀ ਮਾਨ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲੇ ਪ੍ਰਧਾਨ ਸੰਤ ਸਮਾਜ ਦੀ ਰਹਿਨੁਮਾਈ ਹੇਠ ਦਮਦਮੀ ਟਕਸਾਲ ਦੇ ਹੈੱਡ ਕੁਆਰਟਰ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼ ਮਹਿਤਾ ਵਿਖੇ ਹੋਣ ਜਾ ਰਹੇ 42 ਵੇਂ ਸ਼ਹੀਦੀ ਜੋੜ ਮੇਲੇ ਦੀਆਂ ਤਿਆਰੀਆਂ ਆਰੰਭ ਹੋ ਚੁੱਕੀਆਂ ਹਨ। ਇਸ ਦੌਰਾਨ ਵੱਖ-ਵੱਖ ਨਗਰਾਂ "ਚ ਮਹੀਨਾ ਭਰ ਸਜਾਏ ਜਾਣ ਵਾਲੇ ਸ਼ਬਦ-ਕੀਰਤਨ ਤੇ ਕਥਾ ਸਮਾਗਮਾਂ ਦੀ ਸੂਚੀ ਪ੍ਰਬੰਧਕਾਂ ਵੱਲੋਂ ਜਾਰੀ ਕਰ ਦਿੱਤੀ ਗਈ, ਜਿਸਦੇ ਚੱਲਦਿਆਂ 1 ਤੋਂ 31 ਮਈ ਤੱਕ ਸ਼ਾਮ ਦੇ ਗੁਰਮਤਿ ਦੀਵਾਨਾਂ ਦਾ ਸਮ੍ਹਾਂ 6 ਤੋਂ 8 ਹੋਵੇਗਾ, ਜਦਕਿ 5 ਮਈ ਵਾਲੇ ਦਿਨ ਸਵੇਰੇ 12 ਤੋਂ 2 ਤੇ ਸ਼ਾਮ 6 ਤੋਂ 8 ਵਜੇ ਦੇ ਦੋ ਦੀਵਾਨ ਹੋਣਗੇ। ਇਨ੍ਹਾਂ ਸਮਾਗਮਾਂ 'ਚ ਦਮਦਮੀ ਟਕਸਾਲ ਦੇ ਹਜ਼ੂਰੀ ਰਾਗੀ ਜਥੇ ਵੱਲੋਂ ਸ਼ਬਦ ਕੀਰਤਨ ਸਰਵਣ ਕਰਾਇਆ ਜਾਵੇਗਾ, ਉਪਰੰਤ ਦਮਦਮੀ ਟਕਸਾਲ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਗੁਰ-ਇਤਿਹਾਸ ਸਣਾਉਂਦੇ ਹੋਏ ਸੰਗਤਾਂ ਨਾਲ ਕਥਾ ਵਿਚਾਰ ਦੀ ਸਾਂਝ ਪਾਉਣਗੇ। ਦਮਦਮੀ ਟਕਸਾਲ ਵੱਲੋਂ ਜਾਰੀ ਸੂਚੀ ਅਨੁਸਾਰ ਪਹਿਲਾਂ ਗੁਰਮਤਿ ਸਮਾਗਮ 1 ਮਈ ਨੂੰ ਪਿੰਡ ਜਬੋਵਾਲ ਵਿਖੇ ਹੋਵੇਗਾ ਉਪਰੰਤ 2 ਮਈ ਨੂੰ ਹਯਾਤ (ਗੁਰਦਾਸਪੁਰ), 3 ਮਈ ਨੂੰ ਗੁ ਸੰਗਤਪੁਰਾ ਬਬਵਾਲਾ ਗੁਰਦਾਸਪੁਰ, 4 ਮਈ ਨੂੰ ਕਾਹਲਵਾਂ, 5 ਮਈ ਨੂੰ ਪਹਿਲਾ ਦੀਵਾਨ ਸਵੇਰੇ ਗੁ. ਭਗਤਾਂ ਦਾ ਡੇਰਾ ਤਰਸਿੱਕਾ ਤੇ ਦੂਸਰਾ ਸ਼ਾਮ ਨੂੰ ਨਿੱਕੇ ਘੁੰਮਣ, 6 ਮਈ ਨੂੰ ਚੋਣੇ, 7 ਮਈ ਮੁਰਾਦਪੁਰ, 8 ਮਈ ਨੂੰ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਇੰਟਰਨੈਸ਼ਨਲ ਪਬਲਿਕ ਸਕੂਲ ਚੂੰਗ, 9 ਮਈ ਨੂੰ ਗੁ ਸੰਤ ਬਾਬਾ ਅੱਲ੍ਹਾ ਸਿੰਘ ਜੀ ਅਬਦਾਲ, 10 ਮਈ ਨੂੰ ਗੁਰੂ ਕੀ ਬੇਰ ਸਾਹਿਬ ਮੱਤੇਵਾਲ, 11 ਮਈ ਨੂੰ ਲੀਲ ਕਲਾਂ, 12 ਮਈ ਨੂੰ ਭਲਾਈਪੁਰ ਪੁਰਬਾਂ, 13 ਮਈ ਨੂੰ ਖਲੈਹਿਰਾ,14 ਮਈ ਨੂੰ ਜਫਰਵਾਲ, 15 ਮਈ ਨੂੰ ਲਾਲਪੁਰਾ ਗੁਰਦਾਸਪੁਰ, 16 ਮਈ ਨੂੰ ਗੁ ਸਿੰਘ ਸਭਾ ਸ਼ਾਸ਼ਤਰੀ ਨਗਰ ਕਾਹਨੂੰਵਾਲ ਬਟਾਲਾ, 17 ਮਈ ਨੂੰ ਗੁ. ਗ੍ਰਿਫਤਾਰੀ ਸਾਹਿਬ ਗੜ੍ਹੀ ਗੁਰਦਾਸ ਨੰਗਲ, 18 ਮਈ ਨੂੰ ਝਲਾੜੀ, 19 ਮਈ ਨੂੰ ਗੱਗੜਭਾਣਾ 20 ਮਈ ਨੂੰ ਧਰਦਿਓ, 21 ਮਈ ਨੂੰ ਵੀਲਾ/ਮੀਕੇ, 22 ਮਈ ਨੂੰ ਸਿਆਲਕਾ, 23 ਮਈ ਨੂੰ ਖੱਬੇ ਰਾਜਪੂਤਾਂ, 24 ਮਈ ਨੂੰ ਜਲਾਲ ਉਸਮਾਂ, 25 ਮਈ ਨੂੰ ਸਹਾਇਪੁਰ, 26 ਮਈ ਨੂੰ ਜੇਠੂਵਾਲ, 27 ਮਈ ਨੂੰ ਨਿਪਸ ਸਕੂਲ ਬੁਤਾਲਾ, 28 ਮਈ ਨੂੰ ਗੁ. ਰਾਮ ਥੰਮਣ, 29 ਮਈ ਸਠਿਆਲਾ, 30 ਮਈ ਨੂੰ ਬਾਬਾ ਦੀਪ ਸਿੰਘ ਸਕੂਲ ਮਹਿਸਮਪੁਰ ਤੇ 31 ਮਈ ਦੇ ਸਮਾਗਮ ਮਹਿਤਾ ਚੌਂਕ ਵਿਖੇ ਹੋਣਗੇ। ਇਨ੍ਹਾਂ ਦੀਵਾਨਾਂ ਅੰਦਰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਸ਼ਬਦ ਕੀਰਤਨ ਕਰਨਗੇ,ਉਪਰੰਤ 6 ਜੂਨ ਨੂੰ ਮਨਾਏ ਜਾ ਰਹੇ ਮੁੱਖ ਤੇ ਮਹਾਨ ਸ਼ਹੀਦੀ ਜੋੜ ਮੇਲੇ ਅੰਦਰ ਵੱਡਾ ਪੰਥਕ ਇਕੱਠ ਕੀਤਾ ਜਾਵੇਗਾ ਤੇ ਪੰਥ ਪ੍ਰਸਿੱਧ ਸ਼ਖਸ਼ੀਅਤਾਂ ਹਾਜ਼ਰੀ ਭਰਨਗੀਆਂ ਤੇ ਘੱਲੂਘਾਰੇ 'ਚ ਸ਼ਹੀਦ ਹੋਏ ਸਮੂਹ ਸ਼ਹੀਦਾਂ ਨੂੰ ਯਾਦ ਕੀਤਾ ਜਾਵੇਗਾ।



## ਕੰਗਣਾ ਰਣੌਤ ਮਾਣਹਾਨੀ ਮਾਮਲਾ : ਗਵਾਹ ਪੇਸ਼ ਨਾ ਹੋਣ ਕਾਰਨ ਸੁਣਵਾਈ ਟਲੀ, ਪਈ ਅਗਲੀ ਤਾਰੀਖ



**ਬਠਿੰਡਾ, 28 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਮਾਣਹਾਨੀ ਮਾਮਲੇ ਵਿਚ ਭਾਰਤੀ ਜਨਤਾ ਪਾਰਟੀ ਦੀ ਸੰਸਦ ਮੈਂਬਰ ਅਤੇ ਫਿਲਮ ਅਦਾਕਾਰਾ ਕੰਗਣਾ ਰਣੌਤ ਦੀ ਬਠਿੰਡਾ ਅਦਾਲਤ ਵਿਚ ਅੱਜ ਨਿਰਧਾਰਤ ਪੇਸ਼ੀ ਦੌਰਾਨ ਸੁਣਵਾਈ ਅੱਗੇ ਨਹੀਂ ਵੱਧ ਸਕੀ। ਨਾ ਤਾਂ ਕੰਗਣਾ ਰਣੌਤ ਖੁਦ ਅਦਾਲਤ ਵਿਚ ਹਾਜ਼ਰ ਹੋਈ ਅਤੇ ਨਾ ਹੀ ਮਾਮਲੇ ਦੇ ਅਹਿਮ ਗਵਾਹ ਪੇਸ਼ ਹੋ ਸਕੇ, ਜਿਸ ਕਰਕੇ ਅਦਾਲਤ ਨੇ ਅਗਲੀ ਸੁਣਵਾਈ ਲਈ 12 ਮਈ ਦੀ ਤਾਰੀਖ ਨਿਰਧਾਰਤ ਕਰ ਦਿੱਤੀ। ਮਾਮਲੇ ਦੀ ਸੁਣਵਾਈ ਦੌਰਾਨ ਕੰਗਣਾ ਰਣੌਤ ਵੱਲੋਂ ਪੇਸ਼ ਵਕੀਲ ਨੇ ਅਦਾਲਤ ਨੂੰ ਦੱਸਿਆ ਕਿ ਇਸ ਕੇਸ ਵਿਚ ਦੋ ਮੁੱਖ ਗਵਾਹ ਸੁਰਜੀਤ ਸਿੰਘ ਫੂਲ ਅਤੇ ਗੁਰਪ੍ਰੀਤ ਸਿੰਘ ਦੀ ਗਵਾਹੀ ਹੋਣੀ ਹੈ। ਵਕੀਲ ਅਨੁਸਾਰ ਸੁਰਜੀਤ ਸਿੰਘ ਫੂਲ ਪੇਟ ਦਰਦ ਕਾਰਨ ਹਸਪਤਾਲ ਵਿਚ ਦਾਖ਼ਲ ਹਨ, ਜਿਸ ਕਾਰਨ ਉਹ ਅਦਾਲਤ ਵਿਚ ਪੇਸ਼ ਨਹੀਂ ਹੋ ਸਕੇ ਜਦਕਿ ਗੁਰਪ੍ਰੀਤ ਸਿੰਘ ਦੀ ਗਵਾਹੀ ਵੀ ਅੱਜ ਦਰਜ ਨਹੀਂ ਹੋ ਸਕੀ। ਬਚਾਅ ਪੱਖ ਨੇ ਅਦਾਲਤ ਵਿਚ ਇਹ ਵੀ ਬੇਨਤੀ ਕੀਤੀ ਕਿ ਗਵਾਹਾਂ ਦੀ ਗਵਾਹੀ ਕ੍ਰਮਵਾਰ ਦਰਜ ਕੀਤੀ ਜਾਵੇ। ਪਹਿਲਾਂ ਸੁਰਜੀਤ ਸਿੰਘ ਫੂਲ ਦੀ ਗਵਾਹੀ ਕਰਵਾਈ ਜਾਵੇ, ਉਸ ਤੋਂ ਬਾਅਦ ਗੁਰਪ੍ਰੀਤ ਸਿੰਘ ਅਤੇ ਫਿਰ ਮਹਿੰਦਰ ਕੌਰ ਦੀ ਗਵਾਹੀ ਲਈ ਜਾਵੇ। ਅਦਾਲਤ ਨੇ ਇਸ ਬੇਨਤੀ ਨੂੰ ਧਿਆਨ ਵਿਚ ਰੱਖਦਿਆਂ ਮਾਮਲੇ ਦੀ ਅਗਲੀ ਸੁਣਵਾਈ 12 ਮਈ ਲਈ ਮੁਕਰਰ ਕਰ ਦਿੱਤੀ। ਇਸੇ ਦੌਰਾਨ ਸ਼ਿਕਾਇਤਕਰਤਾ ਪੱਖ ਨਾਲ ਜੁੜੀ ਬਜ਼ੁਰਗ ਮਹਿਲਾ ਮਹਿੰਦਰ ਕੌਰ ਦੇ ਪਤੀ ਨੇ ਕਿਹਾ ਕਿ ਉਹ ਲੰਬੇ ਸਮੇਂ ਤੋਂ ਇਨਸਾਫ ਲਈ ਸੰਘਰਸ਼ ਕਰ ਰਹੇ ਹਨ। ਉਨ੍ਹਾਂ ਨੇ ਉਮੀਦ ਜਤਾਈ ਕਿ ਅਦਾਲਤ ਤੋਂ ਉਨ੍ਹਾਂ ਨੂੰ ਇਨਸਾਫ ਮਿਲੇਗਾ ਪਰ ਜੇ ਇੱਥੋਂ ਰਾਹਤ ਨਾ ਮਿਲੀ ਤਾਂ "ਕੁਦਰਤ ਇਨਸਾਫ ਜ਼ਰੂਰ ਕਰੇਗੀ।" ਹੁਣ ਇਸ ਮਾਮਲੇ ਦੀ ਅਗਲੀ ਸੁਣਵਾਈ 12 ਮਈ ਨੂੰ ਹੋਵੇਗੀ, ਜਿਸ ਵਿਚ ਗਵਾਹਾਂ ਦੀ ਪੇਸ਼ੀ ਅਤੇ ਗਵਾਹੀ ਦਰਜ ਹੋਣ ਦੀ ਸੰਭਾਵਨਾ ਜਤਾਈ ਜਾ ਰਹੀ ਹੈ।




ਆਵਾਜ਼ਿ ਕੌਮ AWAZE QAUM International Newspaper & WEB TV


ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ
ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net

ਧੁਰ ਕੀ ਬਾਣੀ ਸਬਦੁ ਸਚੀ ਟਕਸਾਲ ॥
ਦਮਦਮੀ ਟਕਸਾਲ
ਨਾਮ ਜਪੋ ਕਿਰਤ ਕਰੋ ਵੰਡ ਛਕੋ
Naam Japo Kirat Karo Vand Shako
ਜਥਾ ਭਿੰਡਰਾਂ (ਮਹਿਤਾ)
www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH
ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net

ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

ਦੇਗ ਤੇਗ ਫ਼ਤਿਹ – ਪੰਥ ਕੀ ਜੀਤ
ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

ਧੰਨ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ



# ਗੁਰਮਤਿ ਸਮਾਗਮ



1 ਨਵੰਬਰ 2026, ਦਿਨ ਐਤਵਾਰ ਨੂੰ
ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ
ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।

ਧੰਨ-ਧੰਨ ਮਾਤਾ ਸਾਹਿਬ ਕੌਰ ਜੀ
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਮੰਗਲਵਾਰ, ਸਵੇਰੇ 10 ਵਜੇ
ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਐਤਵਾਰ, ਸਵੇਰੇ 9 ਵਜੇ



ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

**ਨੋਟ : ਇਹ ਸਮਾਗਮ 13 ਦਿਨ ਚੱਲੇਗਾ**

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।

ਬੇਨਤੀ ਕਰਤਾ
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ 98141-27470
ਜਥੇਦਾਰਨੀ ਬੀਬੀ ਸੁਰਿੰਦਰ ਕੌਰ 73408-35137
ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ
ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404, ਜ: ਹਰਜੋਤ ਸਿੰਘ ਢਿੱਲੋਂ, ਜ: ਮਹਿਤਾਬ ਸਿੰਘ ਢਿੱਲੋਂ
ਸੰਪਰਕ ਨੰਬਰ 84278-66404


Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ
AWAZE QAUM
International Newspaper & WEB TV

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)

# ਮਹਾਨ ਗੁਰਮਤਿ ਸਮਾਗਮ



☛ ਸ਼ਹੀਦੀ ਦਿਵਸ : ਛੋਟਾ ਘੱਲੂਘਾਰਾ ਕਾਹਨੂੰਵਾਨ ☛ ਫ਼ਤਹਿ ਦਿਵਸ : ਫ਼ਤਹਿ ਦਿਵਸ ਕੌਮੀ ਜਰਨੈਲ ਬਾਬਾ ਬੰਦਾ ਸਿੰਘ ਜੀ ਬਹਾਦਰ ਸਰਹੰਦ ਫ਼ਤਹਿ ਦਿਵਸ ਨੂੰ ਸਮਰਪਿਤ ਗੁਰਮਿਤ ਸਮਾਗਮ ਕਰਵਾਏ ਜਾ ਰਹੇ ਹਨ।




ਸ਼ੁੱਕਰਵਾਰ 15 ਮਈ ਸੰਗਰਾਂਦ ਦਾ ਪਵਿੱਤਰ ਦਿਹਾੜੇ ਨੂੰ ਸਮਰਪਿਤ ਸ਼ਾਮ 5 ਤੋ 8 ਵਜੇ ਤੱਕ ਦੀਵਾਨ ਸਜਣਗੇ।

• ਸ਼ਨਿੱਚਰਵਾਰ 16 ਮਈ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸੱਜਣਗੇ। • ਐਤਵਾਰ 17 ਮਈ 2026 ਨੂੰ 6:30 ਵਜੇ ਸਵੇਰੇ ਚੋਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9:30 ਵਜੇ ਭੋਗ ਪੈਣ ਉਪਰੰਤ 1:00 ਵਜੇ ਤੱਕ ਦੀਵਾਨ ਸਜਣਗੇ।

ਢਾਡੀ ਜਥਾ ਗਿਆਨੀ ਗੁਰਪ੍ਰੀਤ ਸਿੰਘ ਲਾਂਡਰਾਂ ਵਾਲੇ 15/16/17 ਮਈ ਨੂੰ ਢਾਡੀ ਵਾਰਾਂ ਰਾਹੀਂ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

**ਗੁਰੂ ਕਾ ਲੰਗਰ ਅਤੁੱਟ ਵਰਤੇਗਾ**

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

## ★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ। ☛ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**

Via Giacomo Matteotti 3Cap
26020Casalmorano Cremona (IT)

E-mail : gur.damdamitaksaalitaly@gmail.com

Call+393475711755 / 3208124778

ੴ

# Sardar Gurdip Singh Narwal

05 March 1948 – 17 April 2026



## Antam Sanskar (Funeral Service)

**Friday 1st May 2026**

3.30 PM
Antam Darshan | Antam Sanskar
Great Glen Crematorium
9 London Road Leicester LE8 9DJ

5.30 PM
Sehaj Path da Bhog | Guru Ka Langar
Guru Tegh Bahadur Gurdwara
106 East Park Road
Leicester LE5 4QB

Live Webcast: www.watch.obitus.com Username: jafi621 Password: 933979

Waheguru Ji Ka Khalsa
Waheguru Ji Ki Fateh

Contact: Pardeep Singh Narwal – 07956 972 789 / 07817 928 857

ਆਵਾਜ਼ ਕੌਮ AWAZE QAUM International Newspaper & WEB TV

ਐਚਐਮਈਐਲ ਦੇ ਨੈਸ਼ਨਲ ਸੁਪਰ 100 ਪ੍ਰੋਗਰਾਮ ਵਿੱਚ ਸਰਕਾਰੀ ਸਕੂਲਾਂ ਦੇ 5 ਵਿਦਿਆਰਥੀਆਂ ਨੇ ਜੇਈਈ ਮੇਨਸ ਕਵਾਲੀਫਾਈ ਕੀਤਾ

# ਸਰਕਾਰੀ ਸਕੂਲਾਂ ਦੇ ਬੱਚੇ ਹੁਣ ਬਣ ਸਕਣਗੇ ਇੰਜੀਨੀਅਰ



**ਬਠਿੰਡਾ, 28 ਅਪ੍ਰੈਲ (ਗੁਰਜੰਟ ਸਿੰਘ ਨਥੇਹਾ)**- ਸਰਕਾਰੀ ਸਕੂਲਾਂ ਵਿੱਚ ਪੜ੍ਹਦੇ ਕਿਸਾਨਾਂ ਅਤੇ ਮਜ਼ਦੂਰ ਪਰਿਵਾਰਾਂ ਦੇ ਬੱਚਿਆਂ ਨੂੰ ਇੰਜੀਨੀਅਰ ਬਣਾਉਣ ਦੇ ਸੁਪਨੇ ਨੂੰ ਸਾਕਾਰ ਕਰਨ ਲਈ ਐਚਐਮਈਐਲ ਦੀ ਗੁਰੂ ਗੋਬਿੰਦ ਸਿੰਘ ਰਿਫ਼ਾਈਨਰੀ ਵੱਲੋਂ ਚਲਾਇਆ ਜਾ ਰਿਹਾ ਨੇਸ਼ਨਲ ਸੁਪਰ 100 ਪ੍ਰੋਗਰਾਮ ਹੁਣ ਸਕਾਰਾਤਮਕ ਨਤੀਜੇ ਦੇਣ ਲੱਗ ਪਿਆ ਹੈ। ਵਿੱਤੀ ਵਰ੍ਹਾ 2025-26 ਲਈ ਚੁਣੇ ਗਏ ਵਿਦਿਆਰਥੀਆਂ ਵਿੱਚੋਂ 5 ਵਿਦਿਆਰਥੀਆਂ ਨੇ ਜੇਈਈ ਮੇਨਸ ਪ੍ਰੀਖਿਆ ਕੁਆਲੀਫਾਈ ਕਰ ਲਈ ਹੈ। ਜੇਈਈ ਮੇਨਸ ਪਾਸ ਕਰਨ ਵਾਲਿਆਂ ਵਿੱਚ ਅਨਮੋਲਪ੍ਰੀਤ ਸਿੰਘ ਅਮਰਪੁਰਾ ਬਸਤੀ, ਬਠਿੰਡਾ, ਅਜੈ ਕੁਮਾਰ ਪਿੰਡ ਭਾਗੂ, ਅਬੋਹਰ, ਅਭੈ ਸਾਮਾ ਜੰਡਵਾਲਾ, ਫਾਜ਼ਿਲਕਾ, ਪ੍ਰਭਜੋਤ ਸਿੰਘ ਪਿੰਡ ਪੂਹਲਾ ਅਤੇ ਕ੍ਰਿਸ਼ਨਾ ਬਾਈ ਪਿੰਡ ਕਰਨੀਖੇੜਾ ਦੇ ਨਾਮ ਸ਼ਾਮਲ ਹਨ। ਇਹ ਸਾਰੇ ਵਿਦਿਆਰਥੀ 2025 ਵਿੱਚ ਜ਼ਿਲ੍ਹਾ ਸਿੱਖਿਆ ਵਿਭਾਗ ਅਤੇ ਸੀਐਸਆਰਐਲ ਦਿੱਲੀ ਵੱਲੋਂ ਕਰਵਾਈ ਗਈ ਪ੍ਰਤੀਯੋਗੀ ਪਰੀਖਿਆ ਰਾਹੀਂ ਚੁਣੇ ਗਏ ਸਨ। ਚੋਣ ਤੋਂ ਬਾਅਦ ਇਨ੍ਹਾਂ ਨੂੰ ਜੂਨ 2025 ਵਿੱਚ ਸੀਐਸਆਰਐਲ ਦਿੱਲੀ ਭੇਜਿਆ ਗਿਆ, ਜਿੱਥੇ ਇਨ੍ਹਾਂ ਨੂੰ ਜੇਈਈ ਲਈ 11 ਮਹੀਨੇ ਦੀ ਮੁਫ਼ਤ ਰਿਹਾਇਸ਼ੀ ਕੋਚਿੰਗ ਦਿੱਤੀ ਗਈ। ਇਸ ਦੌਰਾਨ ਰਹਿਣ, ਖਾਣ-ਪੀਣ ਅਤੇ ਪੜ੍ਹਾਈ ਦਾ ਸਾਰਾ ਖ਼ਰਚਾ ਐਚਐਮਈਐਲ ਵੱਲੋਂ ਕਿਤਾ ਗਿਆ ਜਨਵਰੀ ਵਿੱਚ ਹੋਈ ਜੇਈਈ ਮੇਨਸ ਪ੍ਰੀਖਿਆ ਪਾਸ ਕਰਨ ਤੋਂ ਬਾਅਦ ਇਨ੍ਹਾਂ ਵਿਦਿਆਰਥੀਆਂ ਨੇ ਸੈਸ਼ਨ-2 ਦੀ ਪ੍ਰੀਖਿਆ ਵੀ ਦਿੱਤੀ ਅਤੇ ਹਾਲ ਹੀ ਵਿੱਚ ਘੋਸ਼ਿਤ ਨਤੀਜਿਆਂ ਵਿੱਚ ਸਫਲਤਾ ਹਾਸਲ ਕੀਤੀ। ਹੁਣ ਇਹ ਵਿਦਿਆਰਥੀ ਮਈ 2026 ਵਿੱਚ ਹੋਣ ਵਾਲੀ ਜੇਈਈ ਐਡਵਾਂਸ ਪ੍ਰੀਖਿਆ ਵਿੱਚ ਭਾਗ ਲੈਣਗੇ। ਇਸੇ ਤਰ੍ਹਾਂ, 2026-27 ਸੈਸ਼ਨ ਲਈ ਵੀ ਜ਼ਿਲ੍ਹਾ ਸਿੱਖਿਆ ਵਿਭਾਗ ਅਤੇ ਸੀਐਸਆਰਐਲ ਦਿੱਲੀ ਵੱਲੋਂ ਪ੍ਰਤੀਯੋਗੀ ਪਰੀਖਿਆ ਕਰਵਾਈ ਗਈ, ਜਿਸ ਵਿੱਚ 26 ਸਰਕਾਰੀ ਸਕੈਂਡਰੀ ਸਕੂਲਾਂ ਦੇ ਲਗਭਗ 600 ਵਿਦਿਆਰਥੀਆਂ ਨੇ ਹਿੱਸਾ ਲਿਆ। ਇਸ ਵਿੱਚੋਂ 106 ਵਿਦਿਆਰਥੀਆਂ ਨੂੰ ਇੰਟਰਵਿਊ ਲਈ ਚੁਣਿਆ ਗਿਆ ਅਤੇ ਇਸ ਦਾ ਨਤੀਜਾ ਮਈ ਵਿੱਚ ਘੋਸ਼ਿਤ ਹੋਣ ਦੀ ਉਮੀਦ ਹੈ। ਚੁਣੇ ਗਏ ਵਿਦਿਆਰਥੀਆਂ ਨੂੰ ਜੂਨ 2026 ਵਿੱਚ ਨਵੇਂ ਬੈਚ ਵਜੋਂ 11 ਮਹੀਨੇ ਦੀ ਮੁਫ਼ਤ ਰਿਹਾਇਸ਼ੀ ਕੋਚਿੰਗ ਲਈ ਭੇਜਿਆ ਜਾਵੇਗਾ। ਗੌਰਤਲਬ ਹੈ ਕਿ ਐਚਐਮਈਐਲ ਨੇ 2022 ਵਿੱਚ ਸੈਂਟਰ ਫਾਰ ਸੋਸ਼ਲ ਰਿਸਪਾਂਸਬਿਲਿਟੀ ਐਂਡ ਲੀਡਰਸ਼ਿਪ, ਦਿੱਲੀ ਨਾਲ ਭਾਗੀਦਾਰੀ ਕਰਕੇ ਇਸ ਪ੍ਰੋਗਰਾਮ ਦੀ ਸ਼ੁਰੂਆਤ ਕੀਤੀ ਸੀ। ਇਹ ਸੰਸਥਾ ਆਰਥਿਕ ਤੌਰ 'ਤੇ ਕਮਜ਼ੋਰ ਪਰ ਹੋਨਹਾਰ ਵਿਦਿਆਰਥੀਆਂ ਨੂੰ ਉੱਚ ਇੰਜੀਨੀਅਰਿੰਗ ਸੰਸਥਾਵਾਂ ਵਿੱਚ ਦਾਖਲਾ ਦਿਵਾਉਣ ਲਈ ਮਦਦ ਕਰਦੀ ਹੈ। ਕਿਉਂਕਿ ਨਿੱਜੀ ਤੌਰ 'ਤੇ ਜੇਈਈ ਦੀ ਤਿਆਰੀ ਲਈ ਲੱਖਾਂ ਰੁਪਏ ਦਾ ਖ਼ਰਚ ਆਉਂਦਾ ਹੈ, ਇਸ ਕਰਕੇ ਆਮ ਪਰਿਵਾਰਾਂ ਦੇ ਹੋਨਹਾਰ ਵਿਦਿਆਰਥੀ ਇਸ ਤਿਆਰੀ ਤੋਂ ਵਾਂਝੇ ਰਹਿ ਜਾਂਦੇ ਹਨ। ਐਚਐਮਈਐਲ ਦਾ ਇਹ ਉਪਰਾਲਾ ਅਜਿਹੇ ਵਿਦਿਆਰਥੀਆਂ ਲਈ ਇੱਕ ਸੁਨਹਿਰਾ ਮੌਕਾ ਸਾਬਤ ਹੋ ਰਿਹਾ ਹੈ।

**☛ ਸੀਐਸਆਰਐਲ ਦਿੱਲੀ ਵੱਲੋਂ 11 ਮਹੀਨੇ ਦੀ ਮੁਫ਼ਤ ਰਿਹਾਇਸ਼ੀ ਕੋਚਿੰਗ ਦੇ ਸ਼ਾਨਦਾਰ ਨਤੀਜੇ ☛ 2026-27 ਸੈਸ਼ਨ ਲਈ 26 ਸਰਕਾਰੀ ਸਕੈਂਡਰੀ ਸਕੂਲਾਂ ਦੇ 600 ਵਿਦਿਆਰਥੀਆਂ ਨੇ ਪ੍ਰਤੀਯੋਗੀ ਪਰੀਖਿਆ ਵਿੱਚ ਹਿੱਸਾ ਲਿਆ**

ਅਖੰਡ ਕੀਰਤਨੀ ਜੱਥੇ ਦੇ ਪੰਜ ਪਿਆਰਿਆਂ ਵਲੋਂ ਨਿਸ਼ਕਾਮ ਕੀਰਤਨ ਦੀ ਮਰਿਆਦਾ ਨੂੰ

# ਬਹਾਲ ਕਰਣ ਦੇ ਫੈਸਲੇ ਨਾਲ ਇਕਜੁੱਟਤਾ ਦਾ ਪ੍ਰਗਟਾਵਾ


**ਨਵੀਂ ਦਿੱਲੀ 28 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ)**:- ਭਾਈ ਸਤਨਾਮ ਸਿੰਘ ਖੰਡਾ, ਭਾਈ ਤਰਲੋਕ ਸਿੰਘ ਅਤੇ ਭਾਈ ਸਤਨਾਮ ਸਿੰਘ ਝੰਜੀਆ ਜੋ ਕਿ ਸ਼੍ਰੀ ਅਕਾਲ ਤਖਤ ਸਾਹਿਬ ਜੀ ਦੇ ਅੰਮ੍ਰਿਤਸੰਚਾਰ ਸੇਵਾ ਅੰਦਰ ਸਾਬਕਾ ਪੰਜ ਪਿਆਰਿਆਂ ਵਿਚ ਸੇਵਾ ਨਿਭਾ ਚੁੱਕੇ ਹਨ ਨੇ ਅਖੰਡ ਕੀਰਤਨੀ ਜਥਾ ਦੇ ਪੰਜ ਪਿਆਰਿਆਂ ਵਲੋਂ ਨਿਸ਼ਕਾਮ ਕੀਰਤਨ ਦੀ ਮਰਿਆਦਾ ਨੂੰ ਬਹਾਲ ਕਰਣ ਦੇ ਫੈਸਲੇ ਨਾਲ ਇਕਜੁੱਟਤਾ ਦਾ ਪ੍ਰਗਟਾਵਾ ਕੀਤਾ ਹੈ ਅਤੇ ਗੁਰਦੁਆਰਾ ਰਾਮਸਰ ਸਾਹਿਬ ਵਿਖ਼ੇ ਚਲਦੇ ਕੀਰਤਨ ਵਿਚ ਖਲੱਲ ਪਾਉਣ ਵਾਲੇ ਇਕ ਕੀਰਤਨੀ ਸਮੇਤ ਉਨ੍ਹਾਂ ਦੇ ਸਾਥੀਆਂ ਦੀ ਸਖ਼ਤ ਤਾੜਨਾ ਕੀਤੀ ਹੈ। ਮੀਡੀਆ ਨੂੰ ਜਾਰੀ ਕੀਤੇ ਬਿਆਨ ਵਿਚ ਉਨ੍ਹਾਂ ਲਿਖਿਆ ਸ੍ਰੀ ਅਨੰਦਪੁਰ ਸਾਹਿਬ ਹੋਲੇ ਮਹੱਲੇ ਸਮੇਂ ਅਖੰਡ ਕੀਰਤਨੀ ਜਥੇ ਵੱਲੋਂ ਕਰਵਾਏ ਗਏ ਸਮਾਗਮ ਦੌਰਾਨ ਅੰਮ੍ਰਿਤ ਸੰਚਾਰ ਵੇਲੇ ਪੰਜਾਂ ਪਿਆਰਿਆਂ ਨੇ ਭਾਈ ਸਾਹਿਬ ਭਾਈ ਰਣਧੀਰ ਸਿੰਘ ਜੀ ਵੱਲੋਂ ਦ੍ਰਿੜਾਈ ਨਿਸ਼ਕਾਮ ਕੀਰਤਨ ਦੀ ਪ੍ਰਥਾ ਨੂੰ ਕਾਇਮ ਰੱਖਣ ਲਈ ਇਹ ਹੁਕਮ ਕੀਤਾ ਕਿ ਜਿਤਨੇ ਵੀ ਜਥੇ ਦੇ ਕੀਰਤਨੀਏ ਸਿੰਘ ਭੇਟਾਂ ਲੈ ਕੇ ਕੀਰਤਨ ਕਰਦੇ ਹਨ ਉਹਨਾਂ ਨੂੰ ਜਥੇ ਦੇ ਸਮਾਗਮਾਂ ਵਿੱਚ ਕੀਰਤਨ ਨ ਕਰਨ ਦਿੱਤਾ ਜਾਵੇ ਕਿਉਂਕਿ ਕਈ ਕੀਰਤਨੀਆਂ ਨੇ ਇਸ ਕੀਰਤਨ ਨੂੰ ਆਪਣੀ ਕਿਰਤ ਬਣਾ ਲਿਆ ਹੈ। ਅਖੰਡ ਕੀਰਤਨੀ ਜਥੇ ਦਾ ਇਹ ਸਿਧਾਂਤ ਹੈ ਕਿ ਦਸਾਂ ਨੌਹਾਂ ਦੀ ਸੱਚੀ ਸੁੱਚੀ ਕਿਰਤ ਕਰਕੇ ਨਿਸ਼ਕਾਮ ਕੀਰਤਨ ਕਰਨਾ। ਇਹ ਹੁਕਮ ਪੰਜਾਂ ਪਿਆਰਿਆਂ ਵੱਲੋਂ ਕੇਵਲ ਤੇ ਕੇਵਲ ਅਖੰਡ ਕੀਰਤਨੀ ਜਥੇ ਦੇ ਸਿੰਘਾਂ ਨੂੰ ਹੀ ਸੰਬੋਧਨ ਕਰਕੇ ਲਿਆ ਗਿਆ ਸੀ, ਹੋਰ ਗੁਰਦੁਆਰਿਆਂ ਦੇ ਕੀਰਤਨੀਆਂ ਵਾਸਤੇ ਨਹੀਂ। ਪਰ ਬੜੇ ਅਫਸੋਸ ਦੀ ਗੱਲ ਹੈ ਕਿ ਸਲਾਨਾ ਵਿਸਾਖੀ ਸਮਾਗਮ ਵੇਲੇ 13 ਅਪ੍ਰੈਲ ਸ਼ਾਮ ਦੇ ਸ੍ਰੀ ਰਾਮਸਰ ਸਾਹਿਬ ਵਿਖੇ ਹੋ ਰਹੇ ਕੀਰਤਨ ਸਮਾਗਮ ਵਿੱਚ ਭਾਈ ਮਨਪ੍ਰੀਤ ਸਿੰਘ ਕਾਨਪੁਰੀ ਅਤੇ ਉਸਦੇ ਸਾਥੀਆਂ ਨੇ ਜਬਰਦਸਤੀ ਆ ਕੇ ਕੀਰਤਨ ਕਰਨ ਦੀ ਕੋਸ਼ਿਸ਼ ਕੀਤੀ। ਉਸ ਨੇ ਪੰਜਾਂ ਪਿਆਰਿਆਂ ਦੀ ਹੁਕਮ ਅਦੂਲੀ ਕਰਦੇ ਹੋਏ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਹਜ਼ੂਰੀ ਵਿੱਚ ਬੇਹਦ ਗਲਤ ਤਰੀਕੇ ਨਾਲ ਜਬਰਦਸਤੀ ਕੀਰਤਨ ਕਰਨ ਦੀ ਕੋਸ਼ਿਸ਼ ਕੀਤੀ ਜਿਸ ਦਾ ਪ੍ਰਬੰਧਕਾਂ ਨੇ ਅਤੇ ਸੰਗਤ ਨੇ ਵਿਰੋਧ ਕੀਤਾ, ਜਿਸ ਕਾਰਨ ਚਲਦੇ ਕੀਰਤਨ ਦੇ ਵਿੱਚ ਵਿਘਨ ਵੀ ਪਇਆ ਅਤੇ ਮਾਹੌਲ ਵੀ ਖਰਾਬ ਹੋਇਆ। ਅਸੀਂ ਅਖੰਡ ਕੀਰਤਨੀ ਜਥੇ ਦੇ ਮੁਢਲੇ ਸਿਧਾਂਤਾਂ ਤੋਂ ਜਾਣੂ ਹਾਂ ਇਸ ਜਥੇਬੰਦੀ ਦੀ ਪਰੰਪਰਾ ਅਤੇ ਸਿਧਾਂਤ ਹੈ ਕਿ ਇਸ ਜਥੇਬੰਦੀ ਦੇ ਸਾਰੇ ਮੈਂਬਰ ਆਪਣੀ ਆਪਣੀ ਦਸਾਂ ਨੌਹਾਂ ਦੀ ਕਿਰਤ ਕਰਦੇ ਹਨ ਅਤੇ ਬਾਕੀ ਸਮੇਂ ਨਿਸ਼ਕਾਮ ਕੀਰਤਨ ਦੀ ਸੇਵਾ ਵੀ ਕਰਦੇ ਹਨ ਇਸ ਜਥੇਬੰਦੀ ਦਾ ਸਿੱਖ ਧਰਮ ਵਿੱਚ ਵਿਸ਼ੇਸ਼ ਸਥਾਨ ਅਤੇ ਮਾਨ ਮਰਿਆਦਾ ਹੈ ਇਹ ਸ਼ਹੀਦਾਂ ਦੀ ਜਥੇਬੰਦੀ ਹੈ ਸਿਰ ਲੱਥ ਯੋਧਿਆਂ ਦੀ ਜਥੇਬੰਦੀ ਹੈ। ਅਸੀਂ ਸਮੂਹ ਨਾਨਕ ਨਾਮ ਲੇਵਾ ਸੰਗਤ ਨੂੰ ਦੋਇ ਕਰ ਜੋੜ ਅਪੀਲ ਕਰਦੇ ਹਾਂ ਕਿ ਜੋ ਹੁਕਮ ਪੰਜਾਂ ਪਿਆਰਿਆਂ ਨੇ ਅੰਮ੍ਰਿਤ ਸੰਚਾਰ ਵੇਲੇ ਸ੍ਰੀ ਅਨੰਦਪੁਰ ਸਾਹਿਬ ਵਿਖੇ ਹੋਲੇ ਮਹੱਲੇ ਤੇ ਕੀਤਾ ਉਹ ਕੇਵਲ ਜਥੇਬੰਦੀ ਦੇ ਮੈਂਬਰਾਂ ਪ੍ਰਤੀ ਹੀ ਹੈ ਅਤੇ ਇਹ ਹੁਕਮ ਕੇਵਲ ਤੇ ਕੇਵਲ ਜਥੇਬੰਦੀ ਦੇ ਸਮਾਗਮਾਂ ਤੱਕ ਹੀ ਸੀਮਤ ਹੈ ਇਸ ਨੂੰ ਵਾਦ ਵਿਵਾਦ ਦਾ ਮੁੱਦਾ ਨਾ ਬਣਾਇਆ ਜਾਵੇ। ਹੋਰ ਸੰਗਤਾਂ ਵਾਂਗ ਜਥੇਬੰਦੀ ਦੇ ਸਾਰੇ ਮੈਂਬਰ ਸ੍ਰੀ ਦਰਬਾਰ ਸਾਹਿਬ ਅਤੇ ਹੋਰਨਾਂ ਗੁਰਦੁਆਰੇ ਸਹਿਬਾਨਾ ਦੇ ਵਿੱਚ ਜਾ ਕੇ ਕੀਰਤਨ ਸਰਵਣ ਕਰਦੇ ਹਨ ਅਤੇ ਸੇਵਾ ਕਰਦੇ ਹਨ ਜੀ।



**ਗੁਰਦੁਆਰਾ ਰਾਮਸਰ ਸਾਹਿਬ ਵਿਖ਼ੇ ਚਲਦੇ ਕੀਰਤਨ ਵਿਚ ਖਲੱਲ ਪਾਉਣ ਵਾਲੇ ਕੀਰਤਨੀ ਸਿੰਘ ਦੀ ਸਖ਼ਤ ਨਿਖੇਧੀ**



# ਜਨਮ ਦਿਨ ਮੁਬਾਰਕ





**ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਦੇ ਛੋਟੇ ਸਪੁੱਤਰ ਭਾਈ ਕਿਆਮਤ ਸਿੰਘ ਨੂੰ ਜਨਮਦਿਨ ਦੀਆਂ ਲੱਖ-ਲੱਖ ਵਧਾਈਆਂ। ਅਕਾਲ ਪੁਰਖ ਵਾਹਿਗੁਰੂ ਜੀ ਉਸਨੂੰ ਗੁਰਸਿੱਖੀ ਰਹਿਤ ਮਰਿਯਾਦਾ ਬਾਣੀ, ਬਾਣੇ ਦੀ ਦਾਤ, ਦੇਸ਼ ਕੌਮ, ਧਰਮ ਦੀ ਸੇਵਾ ਤੇ ਚੜ੍ਹਦੀਕਲਾ ਬਖਸ਼ਿਸ਼ ਕਰਨ ਜੀ।**

**--✶ ਵੱਲੋਂ ✶--**

**ਭਾਈ ਰਘਵੀਰ ਸਿੰਘ ਵਾਲਸਾਲ, ਮੁੱਖ ਸੰਪਾਦਕ**

**ਆਵਾਜ਼ਿ ਕੌਮ (ਅਖ਼ਬਾਰ ਅਤੇ ਵੈਬ ਟੀ. ਵੀ.), ਯੂ. ਕੇ.**

# ਠੱਗ ਟ੍ਰੈਵਲ ਏਜੰਟਾਂ ਤੇ ਕੱਸਿਆ ਜਾਵੇਗਾ ਸ਼ਿਕੰਜਾ : ਗਿੱਲ



ਚੌਕ ਮਹਿਤਾ,28,ਅਪ੍ਰੈਲ ( ਬਾਬਾ ਸੁਖਵੰਤ ਸਿੰਘ ਚੰਨਣਕੇ) ਘੱਟ ਗਿਣਤੀ ਲੋਕ ਭਲਾਈ ਸੰਸਥਾ (ਰਜਿ) ਦੇ ਸੁਪ੍ਰੀਮੋਂ ਸ ਸਤਨਾਮ ਸਿੰਘ ਗਿੱਲ ਨੇ ਠੱਗ ਟ੍ਰੈਵਲ ਏਜੰਟਾਂ ਤੇ 'ਨਕੇਲ' ਕੱਸਣ ਲਈ ਜਲਦੀ ਹੀ ਰਾਜਪਾਲ ਪੰਜਾਬ ਨੂੰ ਮਿਲਣ ਬਾਰੇ ਖੁਲਾਸਾ ਕੀਤਾ ਹੈ ਉਨ੍ਹਾ ਨੇ ਦੱਸਿਆ ਕਿ ਇਮੀਗ੍ਰੇਸ਼ਨ ਦੇ ਨਾ ਹੇਠ ਅਧਿਕਾਰਤ ਫਰਮਾਂ ਦਾ ਨਾਮ ਵੀ ਬਦਨਾਮ ਹੋ ਰਿਹਾ ਹੈ ਉਹਨਾ ਨੇ ਕਿਹਾ ਕਿ 'ਫਰਜ਼ੀ' ਟ੍ਰੈਵਲ ਏਜੰਟਾਂ ਨੂੰ ਸੂਚੀਬੱਧ ਕਰਨ ਲਈ ਸਾਡਾ 'ਵਫਦ' ਜਲਦੀ ਰਾਜਪਾਲ ਪੰਜਾਬ ਨੂੰ ਮਿਲਕੇ ਮੰਗ ਕਰੇਗਾ ਕਿ 24 ਜ਼ਿਲ੍ਹਿਆਂ ਦੇ ਸੀਨੀਅਰ ਪੁਲੀਸ ਕਪਤਾਨਾ ਨੂੰ ਨਿਰਦੇਸ਼ ਦਿੱਤੇ ਜਾਣ ਕਿ ਉਹ ਠੱਗ ਟ੍ਰੈਵਲ ਏਜੰਟਾਂ ਅਤੇ ਕਬੂਤਰ-ਬਾਜੀ ਦੇ ਅਪਰਾਧਿਕ ਮਾਮਲੇ 'ਚ ਸ਼ਾਮਲ ਲੋਕਾਂ ਦੀ ਸ਼ਨਾਖਤ ਕਰਨ ਲਈ ਐਂਟੀ ਫਰਾਡ ਵਿੰਗ ਨੂੰ ਜ਼ਿੰਮਾਂ ਸੌਂਪਣ। ਘੱਟ ਗਿਣਤੀ ਲੋਕ ਭਲਾਈ ਸੰਸਥਾ ਦੇ ਪ੍ਰਤੀਨਿਧ ਸਤਨਾਮ ਸਿੰਘ ਗਿੱਲ ਨੇ ਕਿਹਾ ਕਿ 'ਫਰਜ਼ੀਵਾੜੇ' ਨਾ ਸਬੰਧਿਤ ਵਿਆਜ਼ੜੀਆਂ ਨੂੰ ਵੀ ਜਾਂਚ ਦੇ ਘੇਰੇ ਹੇਠ ਲਿਆਉਂਣ ਵੀ ਯਤਨ ਕਰਾਂਗੇ ਉਹਨਾ ਨੇ ਦੱਸਿਆ ਕਿ ਅਸੀਂ ਈਮੇਲ ਭੇਜ ਕੇ ਰਾਜਪਾਲ ਪੰਜਾਬ ਪਾਸੋਂ ਮੁਲਾਕਾਤ ਲਈ ਸਮਾਂ ਮੰਗਿਆ ਹੈ।

## ਦਿੱਲੀ ਰਾਜਪੁਰਾ ਟਰੈਕ ਉਤੇ ਹੋਇਆ ਬੰਬ ਧਮਾਕਾ ਖੁਫੀਆ ਏਜੰਸੀਆਂ ਦੀ ਵੱਡੀ ਅਸਫਲਤਾ-ਗਿਆਨੀ ਹਰਪ੍ਰੀਤ ਸਿੰਘ



**ਚੰਡੀਗੜ੍ਹ, 28 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੇ ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ ਨੇ ਇਕ ਪ੍ਰੈੱਸ ਬਿਆਨ ਵਿੱਚ ਕਿਹਾ ਕਿ ਸ਼ੰਭੂ ਨੇੜੇ ਦਿੱਲੀ-ਰਾਜਪੁਰਾ ਰੇਲਵੇ ਟ੍ਰੈਕ 'ਤੇ ਕੱਲ੍ਹ ਰਾਤ ਹੋਏ ਬੰਬ ਧਮਾਕੇ ਦੀ ਘਟਨਾ ਗੰਭੀਰ ਖੁਫ਼ੀਆ ਅਸਫਲਤਾ ਨੂੰ ਦਰਸਾਉਂਦੀ ਹੈ। ਜਿਸ ਦੀ ਸਖ਼ਤ ਨਿੰਦਾ ਕੀਤੀ ਜਾਣੀ ਚਾਹੀਦੀ ਹੈ। ਇਹ ਸਪੱਸ਼ਟ ਹੈ ਕਿ ਪਹਿਲਾਂ ਮਿਲੀਆਂ ਧਮਕੀਆਂ ਦੇ ਬਾਵਜੂਦ ਜੇਕਰ ਕੋਈ ਪ੍ਰਭਾਵਸ਼ਾਲੀ ਰੋਕਥਾਮ ਦੀ ਕਾਰਵਾਈ ਕੀਤੀ ਗਈ ਹੁੰਦੀ, ਤਾਂ ਇਸ ਘਟਨਾ ਨੂੰ ਰੋਕਿਆ ਜਾ ਸਕਦਾ ਸੀ। ਪਰ ਇਸ ਤਰਾਂ ਦੀਆਂ ਘਟਨਾਵਾਂ ਸੁਰੱਖਿਆ ਪ੍ਰਣਾਲੀ 'ਤੇ ਗੰਭੀਰ ਸਵਾਲ ਖੜ੍ਹੇ ਕਰਦੀਆਂ ਹਨ। ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ 2017 ਦੀਆਂ ਚੋਣਾਂ ਤੋਂ ਪਹਿਲਾਂ ਹੋਏ ਮੌੜ ਮੰਡੀ ਬੰਬ ਧਮਾਕੇ ਵਿੱਚ ਸਾਜ਼ਿਸ਼ ਅਤੇ ਸਬੂਤਾਂ ਤੱਕ ਪਹੁੰਚਣ ਦੇ ਬਾਵਜੂਦ ਜਦੋਂ ਸਖ਼ਤ ਕਾਰਵਾਈ ਨਹੀਂ ਹੋਈ, ਤਾਂ ਅਜਿਹੀਆਂ ਤਾਕਤਾਂ ਦੇ ਹੌਂਸਲੇ ਵਧਣੇ ਸੁਭਾਵਿਕ ਹਨ। ਇਹ ਲਾਪਰਵਾਹੀ ਅੱਗੇ ਆਉਣ ਵਾਲੇ ਸਮੇਂ ਵਿੱਚ ਹੋਰ ਖ਼ਤਰੇ ਪੈਦਾ ਕਰ ਸਕਦੀ ਹੈ। ਕੇਂਦਰੀ ਏਜੰਸੀਆਂ ਅਤੇ ਪੰਜਾਬ ਸਰਕਾਰ, ਦੋਹਾਂ ਨੂੰ ਇਸ ਤਾਜ਼ਾ ਬੰਬ ਧਮਾਕੇ ਅਤੇ ਮੌੜ ਮੰਡੀ ਮਾਮਲੇ ਵਿੱਚ ਕੀਤੀ ਗਈ ਕਾਰਵਾਈ ਬਾਰੇ ਪੂਰੀ ਪਾਰਦਰਸ਼ਤਾ ਨਾਲ ਲੋਕਾਂ ਸਾਹਮਣੇ ਆਉਣਾ ਚਾਹੀਦਾ ਹੈ। ਉਹਨਾਂ ਕਿਹਾ ਕਿ ਪੰਜਾਬ ਵਿੱਚ ਅਜਿਹੇ ਖ਼ੂਨੀ ਤਜਰਬੇ ਕਰਨ ਵਾਲੀਆਂ ਤਾਕਤਾਂ ਦੀ ਅਸਲ ਮੰਸ਼ਾ ਅਤੇ ਪਿੱਛੇ ਦੇ ਤੱਤਾਂ ਨੂੰ ਬੇਨਕਾਬ ਕਰਨਾ ਲਾਜ਼ਮੀ ਹੈ, ਤਾਂ ਜੋ ਲੋਕਾਂ ਵਿੱਚ ਸਰਕਾਰ ਦਾ ਭਰੋਸਾ ਬਣਿਆ ਰਹੇ ਅਤੇ ਭਵਿੱਖ ਵਿੱਚ ਅਜਿਹੀਆਂ ਘਟਨਾਵਾਂ ਨੂੰ ਰੋਕਿਆ ਜਾ ਸਕੇ। ਪ੍ਰੈੱਸ ਦੇ ਨਾਂ ਇਹ ਬਿਆਨ ਮੀਡੀਆ ਇੰਚਾਰਜ ਸ ਤੇਜਿੰਦਰ ਸਿੰਘ ਪੰਨੂੰ ਵੱਲੋਂ ਜਾਰੀ ਕੀਤਾ ਗਿਆ।


ੴ ਸਤਿਨਾਮ ਵਾਹਿਗੁਰੂ
With profound gratitude and humility, we invite you to join us for the
BHOG
CEREMONY
of
S. Surinder Singh Sodhi
29th April 2026
Wednesday
1:00 - 2:15 PM
VENUE
Gurdwara Singh Sabha
Sarabha Nagar
Ludhiana
A life of values, vision and virtue.
Forever in our hearts, forever in our prayers.
KIRTAN BY
Bhai Gursewak Singh Rangila
Hazoori Ragi Jatha
Gurdwara Dadu Sahib
ਆਵਾਜ਼ਿ ਕੌਮ AWAZE QAUM
International Newspaper & WEB TV
GURMAT VEECHAR
Jathedar Baljit Singh Daduwal Ji
Chairman Dharam Parchar HSGMC
Sant (Saint) Karnail Singh Ji
Present Head of Dera Jhammat.
WITH LOVE & REMEMBRANCE
SON
Apinder Pal Singh
(Nanu Sodhi)
SON
Sarabpreet Singh
(Raju Sodhi)
DAUGHTER
Gagandeep Kaur
SON IN LAW
Jatinder Singh Sahni
WIFE
Kuljeet Kaur Sodhi
CAR STUDIO
SODHI Car Bazaar P.LTD.
PAP
PROPERTY ALIGNERS & PLANNERS
Your presence will be our strength.

## ਸੇਵਾ ਅਤੇ ਸਿਮਰਨ ਦੀ ਮੂਰਤਿ ਬੀਬਾ ਤਲਵਿੰਦਰ ਕੌਰ ਹੋਏ ਪੰਜ ਤੱਤਾਂ 'ਚ ਵਲੀਨ

# ਗੁ: ਘਾਟ ਸਾਹਿਬ ਗੋਇੰਦਵਾਲ ਵਿਖੇ ਅਸਥੀਆਂ ਨੂੰ ਕੀਤਾ ਜਲ ਪ੍ਰਵਾਹ



**ਚੌਕ ਮਹਿਤਾ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਪੰਥਕ ਹਲਕਿਆਂ ਵਿਚ ਇਹ ਖ਼ਬਰ ਬੜੇ ਦੁੱਖ ਨਾਲ ਪੜੀ ਜਾਏਗੀ ਕਿ ਸਰਦਾਰੀ ਤਲਵਿੰਦਰ ਕੌਰ ਪਤਨੀ ਸ੍ ਦਲਜੀਤ ਸਿੰਘ ਨਿਵਾਸੀ ਧਰਮਪੁਰਾ ,ਗਲੀ ਨੰਬਰ 3,ਤਰਨ ਤਾਰਨ ਰੋਡ,ਬੈਕ

ਆਵਾਜ਼ਿ ਕੌਮ AWAZE QAUM International Newspaper & WEB TV

ਸਾਈਡ ਡੇਰਾ ਸੰਤ ਬਾਬਾ ਭੂਰੀ ਵਾਲੇ ਪਰਮਾਤਮਾ ਵੱਲੋਂ ਬਖਸ਼ੀ ਸਵਾਸਾਂ ਰੂਪੀ ਪੂੰਜੀ ਭੋਗ ਕੇ 24 ਅਪ੍ਰੈਲ ਗੁਰੂ ਚਰਨਾਂ ਚ ਜਾ ਬਿਰਾਜੇ ਹਨ।ਉਨ੍ਹਾਂ ਦਾ ਅੰਤਿਮ ਸੰਸਕਾਰ ਚਾਟੀਵਿੰਡ ਸਥਿਤ ਸ਼ਮਸ਼ਾਨਘਾਟ ਵਿਖੇ ਸਿੱਖ ਰਹੁ ਰੀਤਾਂ ਅਨੁਸਾਰ ਕਰ ਦਿੱਤਾ ਗਿਆ। ਉਨ੍ਹਾਂ ਦੀ ਚਿਖਾ ਨੂੰ ਮੁੱਖ ਅਗਨੀ ਦੋਨੋਂ ਸਪੁੱਤਰਾਂ ਅਰਜਨ ਸਿੰਘ, ਜਸਪ੍ਰੀਤ ਸਿੰਘ ਨੇ ਵਿਖਾਈ। ਜ਼ਿਕਰ ਯੋਗ ਹੈ ਕਿ ਬੀਬਾ ਤਲਵਿੰਦਰ ਕੌਰ ਪਿਛਲੇ ਕੁਝ ਦਿਨਾਂ ਤੋਂ ਬੀਮਾਰ ਚਲੇ ਆ ਰਹੇ ਸਨ। ਉਨ੍ਹਾਂ ਨੂੰ ਅੰਮ੍ਰਿਤਸਰ ਦੇ ਪ੍ਰਾਈਵੇਟ ਹਸਪਤਾਲ ਦਾਖਲ ਕਰਵਾਇਆ ਗਿਆ।ਹਸਪਤਾਲ ਦੇ ਡਾਕਟਰ ਅਤੇ ਸਮੂਚੇ ਸਟਾਫ ਵੱਲੋਂ ਵੱਲੋਂ ਉਨ੍ਹਾਂ ਦੇ ਇਲਾਜ ਲਈ ਕਿਸੇ ਤਰ੍ਹਾਂ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਅਤੇ ਉਨ੍ਹਾਂ ਦੀ ਸਿਹਤ ਵਿੱਚ ਸੁਧਾਰ ਆਉਣਾ ਸ਼ੁਰੂ ਹੋ ਗਿਆ। ਸਾਰੇ ਪਰਿਵਾਰ ਦੇ ਚਿਹਰੇ ਤੇ ਰੌਣਕ ਦੀ ਝਲਕ ਸਾਫ਼ ਦਿਖਾਈ ਦੇ ਰਹੀ ਸੀ ਕਿ ਅਚਾਨਕ ਸਿਹਤ ਵਿਗੜਨ ਨਾਲ ਜਿੱਥੇ ਪਰਿਵਾਰ ਪਰਮਾਤਮਾ ਦੇ ਚਰਨਾਂ ਵਿਚ ਅਰਦਾਸ ਕਰ ਰਿਹਾ ਸੀ ਉਥੇ ਡਾਕਟਰਾਂ ਵਲੋਂ ਉਨ੍ਹਾਂ ਨੂੰ ਬਚਾਉਣ ਦੀ ਪੂਰੀ ਕੋਸ਼ਿਸ਼ ਕੀਤੀ ਜਾ ਰਹੀ ਸੀ। ਲੇਕਿਨ ਅੰਤ ਨਿਰਾਸ਼ਾ ਹੀ ਪੱਲੇ ਪਈ। ਉਨ੍ਹਾਂ ਬਾਗ ਰਾਮਾਨੰਦ ਸਥਿਤ,ਪਵਨ ਭਾਟੀਆ ਹਸਪਤਾਲ ਵਿਖੇ ਅੰਤਿਮ ਸਾਹ ਲਏ।ਉਨ੍ਹਾਂ ਦੇ ਮੌਤ ਦੀ ਖ਼ਬਰ ਜੰਗਲ ਵਿਚ ਲੱਗੀ ਅੱਗ ਦੀ ਤਰ੍ਹਾਂ ਫੈਲ ਗਈ ।ਹਰ ਕੋਈ ਦਬਵੀਂ ਆਵਾਜ਼ ਵਿਚ ਸਚਾਈ ਜਾਨਣ ਲਈ ਉਤਸਕ ਸੀ। ਦੂਜੇ ਪਾਸੇ ਮੋਬਾਈਲ ਫੋਨ ਦੀਆਂ ਘੰਟੀਆਂ ਦਾ ਸਿਲਸਿਲਾ ਲਗਾਤਾਰ ਜਾਰੀ ਸੀ। ਲੋਕ ਵਹੀਰਾਂ ਘੱਤ ਕੇ ਉਨ੍ਹਾਂ ਦੇ ਗ੍ਰਹਿ ਪੁਜਣੇ ਸ਼ੁਰੂ ਹੋ ਚੁੱਕੇ ਸਨ। ਲੇਕਿਨ ਹੋਣੀ ਆਪਣੀ ਖੇਡ,ਖੇਡ ਚੁੱਕੀ ਸੀ। ਗੁਰੂ ਘਰ ਦੇ ਅਨਿੰਨ ਸੇਵਕ ਬੀਬਾ ਤਲਵਿੰਦਰ ਕੌਰ ਜੀ ਨੇ ਆਪਣਾਂ ਸਾਰਾ ਜੀਵਨ ਭੈ ਅਤੇ ਭੌ ਵਿਚ ਗੁਜ਼ਾਰਿਆ ਵੱਖ ਵੱਖ ਇਤਿਹਾਸਕ ਅਸਥਾਨਾਂ ਤੇ ਗੁਰਬਾਣੀ ਦੇ ਰਸਭਿੰਨੇ ਕੀਰਤਨ ਦੀ ਛਹਿਬਰ ਦੁਆਰਾ ਸੰਗਤਾਂ ਨੂੰ ਨਿਹਾਲ ਕੀਤਾ।ਇੰਨਾ ਵਿਚੋਂ ਵਿਸ਼ੇਸ਼ ਤੌਰ ਤੇ ਗੁਰਦੁਆਰਾ ਸ਼ਹੀਦ ਭਾਈ ਮਨੀ ਸਿੰਘ, ਡੇਰਾ ਤਪੋਬਨ ਸੰਤ ਬਾਬਾ ਭੂਰੀ ਵਾਲੇ ਵਿਖੇ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਦੀ ਦਲਦਲ ਤੋਂ ਬਾਹਰ ਕੱਢਣ ਲਈ ਅਤੇ ਸਿੱਖੀ ਦੇ ਬੂਟੇ ਨੂੰ ਹਰਿਆ ਭਰਿਆ ਰੱਖਣ ਲਈ ਗੁਰਬਾਣੀ ਕੀਰਤਨ ਨਾਲ ਜੋੜਣ ਦੀ ਪਹਿਲ ਕਦਮੀ ਕਰਦਿਆਂ ਨਿਵੇਕਲੀ ਪਿਰਤ ਪਾਈ ।ਸਚਖੰਡ ਵਾਸੀ ਬੀਬਾ ਤਲਵਿੰਦਰ ਕੌਰ ਨੇ ਸ੍ਰੀ ਗੁਰੂ ਅਰਜਨ ਦੇਵ ਜੀ ਵਲੋਂ ਦਰਸਾਏ ਮਾਰਗ ਤੇ ਚਲਦਿਆਂ, ਗੁਰੂ ਸਾਹਿਬ ਜੀ ਦੇ ਕੀਤੇ ਬਚਨਾਂ ,ਆਪ ਜਪੋ ਅਵਰਾ ਨਾਮੁ ਜਪਾਵਹੁ ਦੇ ਮਹਾਂ ਵਾਕ ਅਨੁਸਾਰ ਕੀਰਤਨ ਕੌਂਸਲ ਜੱਥਾ ਬੀਬੀਆਂ ਤਿਆਰ ਕੀਤਾ ।ਜੋ ਨਿਸ਼ਕਾਮ ਸੇਵਾ ਦੇ ਰੂਪ ਵਿੱਚ ਵਾਰੀ ਅਨੁਸਾਰ ਘਰ ਘਰ ਅੰਦਰ ਧਰਮਸਾਲ ਹੋਵੈ ਕੀਰਤਨ ਸਦਾ ਵਿਸੋਆ ਧੁਰ ਕੀ ਬਾਣੀ ਦੇ ਮਨੋਹਰ ਕੀਰਤਨ ਦੁਆਰਾ ਅਨੇਕਾਂ ਪ੍ਰਾਣੀਆਂ ਨੂੰ ਅੰਮ੍ਰਿਤ ਸੰਚਾਰ ਦੀ ਲਹਿਰ ਦੇ ਨਾਲ ਨਾਲ ਗੁਰੂ ਚਰਨਾਂ ਨਾਲ ਜੋੜਣ ਵਿਚ ਵਡਮੁੱਲਾ ਯੋਗਦਾਨ ਪਾਇਆ।ਅੱਜ ਪਰਿਵਾਰ ਅਤੇ ਸਕੇ ਸਬੰਧੀਆਂ ਦੀ ਹਾਜ਼ਰੀ ਵਿੱਚ ਅੰਗੀਠਾ ਸੰਭਾਲਨ ਦੀ ਰਸਮ ਅਦਾ ਕੀਤੀ ਗਈ। ਉਨ੍ਹਾਂ ਦੀਆਂ ਅਸਥੀਆਂ ਨੂੰ ਜਲ ਪ੍ਰਵਾਹ ਕਰਨ ਲਈ ਵੱਡੇ ਕਾਫਲੇ ਦੇ ਰੂਪ ਵਿੱਚ ਸਤਿਨਾਮ ਸ੍ਰੀ ਵਾਹਿਗੁਰੂ, ਸਤਿਨਾਮ ਸ਼੍ਰੀ ਵਾਹਿਗੁਰੂ ਦੇ ਜਾਪ ਕਰਦਿਆਂ ਗੁਰਦੁਆਰਾ ਘਾਟ ਸਾਹਿਬ, ਦਰਿਆ ਗੋਇੰਦਵਾਲ ਸਾਹਿਬ ਵਿਖੇ ਭਿਜੀਆਂ ਅੱਖਾਂ ਨਾਲ ਅੰਤਿਮ ਵਿਦਾਇਗੀ ਦਿੰਦਿਆਂ ਜਲ ਪ੍ਰਵਾਹ ਕਰ ਦਿੱਤਾ ਗਿਆ। ਸੰਸਾਰ ਵਿੱਚ ਐਸੇ ਵਿਅਕਤੀ ਹਜ਼ਾਰਾਂ ਸਦੀਆਂ ਬਾਅਦ ਕਿਤੇ ਵਿਰਲੇ ਹੀ ਟਾਂਵੇਂ ਹੀ ਧਰਤੀ ਤੇ ਜਨਮ ਲੈਂਦੇ ਹਨ।

### ਭਿਜੀਆਂ ਅੱਖਾਂ ਨਾਲ ਦਿੱਤੀ ਅੰਤਿਮ ਵਿਦਾਇਗੀ - ਨਵਜੋਤ ਸਿੰਘ ਪੋਤਰਾ

ਐਸੀ ਰੱਬੀ ਰੂਹ ਨੇਕ ਆਤਮਾ ਦੇ ਅਚਾਨਕ ਤੁਰ ਜਾਣ ਦੀ ਘਾਟ ਪਰਿਵਾਰ ਤੋਂ ਇਲਾਵਾ ਸਮਾਜ ਦੇ ਹਰ ਵਰਗ ਨੂੰ ਹਮੇਸ਼ਾ ਰੜਕਦੀ ਰਹੇਗੀ। ਸ੍ ਦਲਜੀਤ ਸਿੰਘ ਨੇ ਦੱਸਿਆ ਕਿ ਮੇਰੀ ਧਰਮ ਪਤਨੀ ਗੁਰਪੁਰ ਵਾਸੀ ਬੀਬਾ ਤਲਵਿੰਦਰ ਕੌਰ ਦੇ ਨਮਿਤ ਅੰਤਿਮ ਅਰਦਾਸ ਅਤੇ ਸ਼ਰਧਾਂਜਲੀ ਸਮਾਗਮ 3 ਅਪ੍ਰੈਲ ਐਤਵਾਰ ਬਾਅਦ ਦੁਪਹਿਰ ਲਗਪਗ 1 ਤੋਂ 2 ਦਰਮਿਆਨ ਬੀਬੀ ਕੌਲਾਂ ਜੀ ਭਲਾਈ ਕੇਂਦਰ ਤਰਨ ਤਾਰਨ ਰੋਡ ਵਿਖੇ ਹੋਵੇਗੀ ।ਉਨ੍ਹਾਂ ਅੰਤਿਮ ਅਰਦਾਸ ਵਿੱਚ ਸ਼ਾਮਲ ਹੋਣ ਲਈ ਬੇਨਤੀ ਕਰਦਿਆਂ ਆਖਿਆ ਕਿ "ਦੇਹੁ ਸਜਣ ਅਸੀਸੜੀਆ ਜਿਉ ਹੋਵੈ ਸਾਹਿਬ ਸਿਉ ਮੇਲੁ ਦੀ ਅਰਦਾਸ ਜ਼ਰੂਰ ਕਰ ਕੇ ਜਾਇਓ "।

## ਦਾਰਾ ਸਿੰਘ ਪ੍ਰਧਾਨ ਦੇ ਭੋਗ ਮੌਕੇ

# ਵਾਤਾਵਰਨ ਬਚਾਉਣ ਦਾ ਸੰਦੇਸ਼, ਚੜ੍ਹਦੀ ਕਲਾ ਵੈਲਫੇਅਰ ਕਲੱਬ ਵੱਲੋਂ ਬੂਟੇ ਵੰਡੇ




**ਤਲਵੰਡੀ ਸਾਬੋ, 28 ਅਪ੍ਰੈਲ (ਗੁਰਜੰਟ ਸਿੰਘ ਨਥੇਹਾ)**- ਪੰਜਾਬ ਵਿਚ ਜਿਥੇ ਮਰਗ ਦੇ ਭੋਗਾਂ ਮੌਕੇ ਸ਼ਾਹੀ ਖਾਣਿਆਂ ਅਤੇ ਮਿੱਠੇ ਪਦਾਰਥ ਬਣਾਉਣ ਦਾ ਪ੍ਰਚਲਨ ਵਧਦਾ ਜਾ ਰਿਹਾ ਹੈ ਉਥੇ ਹੀ ਜਾਗਰੂਕ ਲੋਕਾਂ ਵੱਲੋਂ ਅੰਤਿਮ ਅਰਦਾਸ ਜਾਣ ਭੋਗ ਨੂੰ ਇੱਕ ਅਜਿਹੇ ਸਮਾਗਮ ਦੇ ਤੌਰ 'ਤੇ ਮਨਾਇਆ ਜਾ ਰਿਹਾ ਹੈ ਤਾਂ ਕਿ ਲੋਕ ਉਥੋਂ ਚੰਗੀ ਸੇਧ ਲਈ ਸਕਣ। ਇਸੇ ਲੜੀ ਦੇ ਤਹਿਤ ਦਾਰਾ ਸਿੰਘ ਪ੍ਰਧਾਨ ਦੇ ਭੋਗ ਮੌਕੇ ਪਰਿਵਾਰ ਅਤੇ ਇਲਾਕਾ ਵਾਸੀਆਂ ਵੱਲੋਂ ਇਕ ਨਵੀਂ ਮਿਸਾਲ ਕਾਇਮ ਕਰਦੇ ਹੋਏ ਵਾਤਾਵਰਣ ਸੰਭਾਲ ਦਾ ਸੰਦੇਸ਼ ਦਿੱਤਾ ਗਿਆ। ਦਾਰਾ ਸਿੰਘ ਪ੍ਰਧਾਨ ਅਤੇ ਉਨਾਂ ਦੀ ਧਰਮ ਪਤਨੀ ਜਸਵੀਰ ਕੌਰ ਦੀ ਅੰਤਿਮ ਅਰਦਾਸ ਤੋਂ ਬਾਅਦ ਭੋਗ ਚੜ੍ਹਦੀ ਕਲਾ ਵੈਲਫੇਅਰ ਕਲੱਬ ਦੇ ਸਹਿਯੋਗ ਨਾਲ ਹਾਜ਼ਰ ਸੰਗਤ ਨੂੰ ਬੂਟੇ ਵੰਡੇ ਗਏ। ਪੰਜਾਬ ਵਿੱਚ ਜਿੱਥੇ ਆਮ ਤੌਰ 'ਤੇ ਅੰਤਿਮ ਅਰਦਾਸ ਜਾਂ ਭੋਗ ਸਮੇਂ ਖਾਣ-ਪੀਣ ਦੇ ਪ੍ਰਬੰਧ ਕੀਤੇ ਜਾਂਦੇ ਹਨ, ਉੱਥੇ ਇਸ ਪਰਿਵਾਰ ਵੱਲੋਂ ਵਾਤਾਵਰਣ ਬਚਾਉਣ ਵੱਲ ਕਦਮ ਚੁੱਕਦਿਆਂ ਲੋਕਾਂ ਨੂੰ ਪ੍ਰੇਰਿਤ ਕਰਨ ਦੀ ਕੋਸ਼ਿਸ਼ ਕੀਤੀ ਗਈ। ਪਰਿਵਾਰਕ ਮੈਂਬਰਾਂ ਨੇ ਦੱਸਿਆ ਕਿ ਬੂਟੇ ਲਗਾ ਕੇ ਉਨ੍ਹਾਂ ਦੀ ਸੰਭਾਲ ਕਰਨੀ ਸਮੇਂ ਦੀ ਲੋੜ ਹੈ ਅਤੇ ਇਹੀ ਅਸਲ ਸ਼ਰਧਾਂਜਲੀ ਹੈ। ਇਸ ਮੌਕੇ ਮਰਹੂਮ ਦੇ ਪਰਿਵਾਰਕ ਮੈਂਬਰਾਂ ਸਮੇਤ ਕੁਲਵਿੰਦਰ ਸਿੰਘ, ਸੁਖਵੀਰ ਸਿੰਘ, ਸਰਬਜੀਤ ਸਿੰਘ ਅਤੇ ਸਿਮਰਨਜੀਤ ਸਿੰਘ ਨੇ ਆਏ ਹੋਏ ਲੋਕਾਂ ਨੂੰ ਬੂਟੇ ਵੰਡੇ ਅਤੇ ਵਾਤਾਵਰਣ ਬਚਾਉਣ ਲਈ ਜਾਗਰੂਕ ਕੀਤਾ। ਇਲਾਕਾ ਵਾਸੀਆਂ ਵੱਲੋਂ ਇਸ ਉਪਰਾਲੇ ਦੀ ਖੂਬ ਪ੍ਰਸ਼ੰਸਾ ਕੀਤੀ ਗਈ ਅਤੇ ਕਿਹਾ ਕਿ ਅਜਿਹੇ ਯਤਨ ਸਮਾਜ ਲਈ ਪ੍ਰੇਰਣਾ ਬਣਦੇ ਹਨ। ਇਸ ਮੌਕੇ ਚੜ੍ਹਦੀ ਕਲਾ ਵੈਲਫੇਅਰ ਕਲੱਬ ਦੇ ਪ੍ਰਧਾਨ ਜੱਗਾ ਸਿੱਧੂ, ਬਿੱਟੂ ਸੰਧੂ, ਰਾਜੂ ਸਿੰਘ, ਮਾਸਟਰ ਬਲਦੇਵ ਸਿੰਘ, ਮਨਜਿੰਦਰ ਸਿੰਘ ਸਿੱਧੂ, ਸ਼ਮਸ਼ੇਰ ਸਿੰਘ ਰਿਟਾ. ਇੰਸਪੈਕਟਰ, ਗੁਰਪਾਲ ਸਿੰਘ, ਮੈਂਬਰ ਗੁਰਪ੍ਰੀਤ ਸਿੰਘ, ਲੀਲਾ ਸਿੰਘ ਸਿੱਧੂ ਸਮੇਤ ਕਈ ਹੋਰ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਨਿਊਜ਼ੀਲੈਂਡ ਦੇ ਸੰਸਦ ਮੈਂਬਰ ਗੁਰਦੁਆਰਾ ਬੰਗਲਾ ਸਾਹਿਬ ਹੋਏ ਨਤਮਸਤਕ



ਨਵੀਂ ਦਿੱਲੀ, 28 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ): ਨਿਊਜ਼ੀਲੈਂਡ ਦੇ ਸੰਸਦ ਮੈਂਬਰ ਡਾਨਾ ਕਿਰਕਪੈਟ੍ਰਿਕ (ਨੈਸ਼ਨਲ ਪਾਰਟੀ) ਅਤੇ ਰੀਮਾ ਨਾਖਲੇ, ਸਾਬਕਾ ਸੰਸਦ ਮੈਂਬਰ ਬਖ਼ਸ਼ੀ ਕਵਲਜੀਤ ਸਿੰਘ ਸਮੇਤ ਰੰਜੇ ਸਿੱਕਾ ਅਤੇ ਹੀਨਾ ਸਿੱਕਾ ਨੇ ਰਾਜਧਾਨੀ ਦਿੱਲੀ ਸਥਿਤ ਗੁਰਦੁਆਰਾ ਬੰਗਲਾ ਸਾਹਿਬ ਪਹੁੰਚ ਕੇ ਮੱਥਾ ਟੇਕਿਆ। ਇਸ ਦੌਰਾਨ ਉਨ੍ਹਾਂ ਨੇ ਗੁਰੂ ਘਰ ਵਿੱਚ ਅਰਦਾਸ ਕੀਤੀ ਅਤੇ ਸੰਗਤ ਨਾਲ ਸਮਾਂ ਬਿਤਾਇਆ। ਇਸ ਮੌਕੇ ਦਿੱਲੀ ਤੋਂ ਅਕਾਲੀ ਆਗੂ ਗੁਣਜੀਤ ਸਿੰਘ ਬਖ਼ਸ਼ੀ ਵੀ ਉਨ੍ਹਾਂ ਦੇ ਨਾਲ ਮੌਜੂਦ ਰਹੇ। ਗੁਰਦੁਆਰਾ ਬੰਗਲਾ ਸਾਹਿਬ ਵਿੱਚ ਉਨ੍ਹਾਂ ਦੀ ਮੌਜੂਦਗੀ ਨੇ ਇਹ ਸੰਦੇਸ਼ ਦਿੱਤਾ ਕਿ ਉਨ੍ਹਾਂ ਦੇ ਦਿਲਾਂ ਵਿੱਚ ਸਿੱਖੀ ਪ੍ਰਤੀ ਡੂੰਘੀ ਆਸਥਾ ਅਤੇ ਸਤਿਕਾਰ ਹੈ। ਵਿਦੇਸ਼ੀ ਜਨ ਪ੍ਰਤਿਨਿਧੀਆਂ ਵੱਲੋਂ ਇਸ ਤਰ੍ਹਾਂ ਗੁਰੂ ਘਰ ਵਿੱਚ ਸ਼ੀਸ਼ ਨਿਵਾਉਣਾ ਧਾਰਮਿਕ ਸਾਂਝ ਅਤੇ ਆਪਸੀ ਭਾਈਚਾਰੇ ਦਾ ਪ੍ਰਤੀਕ ਮੰਨਿਆ ਜਾ ਰਿਹਾ ਹੈ। ਇਸ ਮੌਕੇ ਇਹ ਵੀ ਚਰਚਾ ਰਹੀ ਕਿ ਸਿੱਖ ਸਮਾਜ ਪ੍ਰਤੀ ਇਸੇ ਜੁੜਾਅ ਅਤੇ ਭਰੋਸੇ ਦੇ ਕਾਰਨ ਬਖ਼ਸ਼ੀ ਕਵਲਜੀਤ ਨੂੰ ਤਿੰਨ ਵਾਰ ਸੰਸਦ ਮੈਂਬਰ ਚੁਣਿਆ ਗਿਆ।ਸੰਗਤ ਨੇ ਇਸਨੂੰ ਸਿੱਖ ਕੌਮ ਦੀ ਏਕਤਾ ਅਤੇ ਮਜ਼ਬੂਤ ਸਮਾਜਿਕ ਪਕੜ ਦਾ ਉਦਾਹਰਨ ਦੱਸਿਆ। ਇਸ ਨਾਲ ਭਾਰਤ ਅਤੇ ਨਿਊਜ਼ੀਲੈਂਡ ਦੇ ਰਿਸ਼ਤਿਆਂ ਨੂੰ ਹੋਰ ਮਜ਼ਬੂਤ ਕਰਨ ਵਿੱਚ ਵੀ ਮਦਦ ਮਿਲੇਗੀ।ਗੁਰਦੁਆਰਾ ਬੰਗਲਾ ਸਾਹਿਬ ਦੇ ਹੈੱਡ ਗ੍ਰੰਥੀ ਭਾਈ ਰਣਜੀਤ ਸਿੰਘ ਵੱਲੋਂ ਸਾਰੇ ਸੰਸਦ ਮੈਂਬਰਾਂ ਅਤੇ ਹੋਰ ਮਹਿਮਾਨਾਂ ਨੂੰ ਗੁਰੂ ਘਰ ਦਾ ਸਿਰੋਪਾ ਭੇਟ ਕੀਤਾ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

# 5ਵੀਂ ਜ਼ਿਲ੍ਹਾ ਪੱਧਰੀ ਕਰਾਟੇ ਚੈਂਪੀਅਨਸ਼ਿਪ 'ਚ ਸਤਿਗੁਰੂ ਪਬਲਿਕ ਸਕੂਲ ਕਲਾਲਵਾਲਾ ਦੀ ਚਰਨਜੀਤ ਕੌਰ ਨੇ ਕੀਤੀ ਵੱਡੀ ਪ੍ਰਾਪਤੀ




**ਤਲਵੰਡੀ ਸਾਬੋ, 28 ਅਪ੍ਰੈਲ (ਗੁਰਜੰਟ ਸਿੰਘ ਨਥੇਹਾ)**- ਬਠਿੰਡਾ ਵਿਖੇ ਹਾਲ ਹੀ ਵਿੱਚ ਕਰਵਾਈ ਗਈ 5ਵੀਂ ਜ਼ਿਲ੍ਹਾ ਪੱਧਰੀ ਕਰਾਟੇ ਚੈਂਪੀਅਨਸ਼ਿਪ ਵਿੱਚ ਸਤਿਗੁਰੂ ਪਬਲਿਕ ਸਕੂਲ ਕਲਾਲਵਾਲਾ ਦੀ ਵਿਦਿਆਰਥਣ ਬੜੇ ਉਤਸ਼ਾਹ ਅਤੇ ਜ਼ੋਰ-ਸ਼ੋਰ ਨਾਲ ਭਾਗ ਲਿਆ। ਇਸ ਮੁਕਾਬਲੇ ਵਿੱਚ ਜ਼ਿਲ੍ਹੇ ਭਰ ਤੋਂ ਕਈ ਸਕੂਲਾਂ ਦੇ ਖਿਡਾਰੀਆਂ ਨੇ ਆਪਣੀ ਕਾਬਲੀਅਤ ਦਾ ਪ੍ਰਦਰਸ਼ਨ ਕੀਤਾ ਅਤੇ ਵੱਖ-ਵੱਖ ਵਰਗਾਂ ਵਿੱਚ ਤਕੜਾ ਮੁਕਾਬਲਾ ਵੇਖਣ ਨੂੰ ਮਿਲਿਆ। ਇਸ ਦੌਰਾਨ ਸਤਿਗੁਰੂ ਪਬਲਿਕ ਸਕੂਲ ਕਲਾਲਵਾਲਾ ਦੀ ਤੀਸਰੀ ਜਮਾਤ ਦੀ ਇੱਕ ਹੋਣਹਾਰ ਬੱਚੀ ਚਰਨਜੀਤ ਕੌਰ ਪਿੰਡ ਮਿਰਜੇਆਣਾ ਨੇ -20 ਕਿਲੋਗ੍ਰਾਮ ਵਰਗ ਵਿੱਚ ਭਾਗ ਲੈ ਕੇ ਆਪਣੇ ਸਕੂਲ ਦਾ ਨਾਮ ਰੌਸ਼ਨ ਕੀਤਾ। ਛੋਟੀ ਉਮਰ ਦੇ ਬਾਵਜੂਦ ਉਸਨੇ ਪੂਰੇ ਆਤਮ-ਵਿਸ਼ਵਾਸ ਅਤੇ ਦਿਲੇਰੀ ਨਾਲ ਮੁਕਾਬਲੇ ਵਿੱਚ ਹਿੱਸਾ ਲਿਆ, ਜਿਸ ਦੀ ਹਰ ਪਾਸੇ ਪ੍ਰਸ਼ੰਸਾ ਕੀਤੀ ਜਾ ਰਹੀ ਹੈ। ਉਸਦੀ ਮਿਹਨਤ, ਅਨੁਸ਼ਾਸਨ ਅਤੇ ਲਗਨ ਇਸ ਗੱਲ ਦਾ ਸਪੱਸ਼ਟ ਪ੍ਰਮਾਣ ਹਨ ਕਿ ਜੇ ਬੱਚਿਆਂ ਨੂੰ ਸਹੀ ਮੌਕੇ ਅਤੇ ਮਾਰਗਦਰਸ਼ਨ ਮਿਲੇ ਤਾਂ ਉਹ ਵੱਡੀਆਂ ਉਪਲਬਧੀਆਂ ਹਾਸਲ ਕਰ ਸਕਦੇ ਹਨ। ਇਸ ਸਫਲਤਾ ਦੇ ਮੌਕੇ 'ਤੇ ਸਕੂਲ ਦੇ ਪ੍ਰਿੰਸੀਪਲ ਮਧੂ ਬਾਂਸਲ ਵੱਲੋਂ ਵਿਦਿਆਰਥਣ ਨੂੰ ਸਨਮਾਨਿਤ ਕੀਤਾ ਗਿਆ। ਉਨ੍ਹਾਂ ਨੇ ਆਪਣੇ ਸੰਬੋਧਨ ਦੌਰਾਨ ਕਿਹਾ ਕਿ ਖੇਡਾਂ ਸਿਰਫ਼ ਸਰੀਰਕ ਤੰਦਰੁਸਤੀ ਲਈ ਹੀ ਨਹੀਂ, ਸਗੋਂ ਬੱਚਿਆਂ ਦੇ ਮਨੋਬਲ ਅਤੇ ਆਤਮ-ਵਿਸ਼ਵਾਸ ਨੂੰ ਮਜ਼ਬੂਤ ਕਰਨ ਲਈ ਵੀ ਬਹੁਤ ਜ਼ਰੂਰੀ ਹਨ। ਉਨ੍ਹਾਂ ਨੇ ਕਿਹਾ ਕਿ ਸਤਿਗੁਰੂ ਪਬਲਿਕ ਸਕੂਲ ਹਮੇਸ਼ਾ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਨਾਲ-ਨਾਲ ਖੇਡਾਂ ਵਿੱਚ ਵੀ ਅੱਗੇ ਵਧਣ ਲਈ ਪ੍ਰੇਰਿਤ ਕਰਦਾ ਆ ਰਿਹਾ ਹੈ। ਉਨ੍ਹਾਂ ਨੇ ਅੱਗੇ ਕਿਹਾ ਕਿ ਸਕੂਲ ਦਾ ਉਦੇਸ਼ ਬੱਚਿਆਂ ਦੀ ਸਮੂਹਿਕ ਵਿਕਾਸ ਕਰਨਾ ਹੈ, ਜਿਸ ਵਿੱਚ ਖੇਡਾਂ ਦੀ ਮਹੱਤਵਪੂਰਨ ਭੂਮਿਕਾ ਹੁੰਦੀ ਹੈ।ਅਜਿਹੇ ਮੁਕਾਬਲਿਆਂ ਵਿੱਚ ਭਾਗ ਲੈਣ ਨਾਲ ਬੱਚਿਆਂ ਵਿੱਚ ਅਨੁਸ਼ਾਸਨ, ਟੀਮ ਭਾਵਨਾ ਨਾਲ ਖੇਡਣਾ ਅਤੇ ਮੁਕਾਬਲੇ ਦੀ ਭਾਵਨਾ ਦਾ ਵਿਕਾਸ ਹੁੰਦਾ ਹੈ, ਜੋ ਉਹਨਾਂ ਦੇ ਭਵਿੱਖ ਲਈ ਬਹੁਤ ਲਾਭਕਾਰੀ ਸਾਬਤ ਹੁੰਦਾ ਹੈ। ਇਸ ਮੌਕੇ ਸਕੂਲ ਦੇ ਅਧਿਆਪਕਾਂ ਅਤੇ ਸਟਾਫ ਮੈਂਬਰਾਂ ਵੱਲੋਂ ਵੀ ਵਿਦਿਆਰਥਣ ਦੀ ਹੌਸਲਾ ਅਫ਼ਜ਼ਾਈ ਕੀਤੀ ਗਈ ਅਤੇ ਉਸਦੀ ਇਸ ਪ੍ਰਾਪਤੀ 'ਤੇ ਖ਼ੁਸ਼ੀ ਪ੍ਰਗਟ ਕੀਤੀ ਗਈ। ਮਾਪਿਆਂ ਨੇ ਵੀ ਸਕੂਲ ਦੇ ਇਸ ਉਪਰਾਲੇ ਦੀ ਸਲਾਘਾ ਕਰਦਿਆਂ ਕਿਹਾ ਕਿ ਅਜਿਹੀਆਂ ਗਤੀਵਿਧੀਆਂ ਬੱਚਿਆਂ ਦੇ ਸਰਵਪੱਖੀ ਵਿਕਾਸ ਲਈ ਬਹੁਤ ਜ਼ਰੂਰੀ ਹਨ। ਅੰਤ ਵਿੱਚ ਸਕੂਲ ਪ੍ਰਬੰਧਕਾਂ ਵੱਲੋਂ ਵਿਦਿਆਰਥਣ ਨੂੰ ਭਵਿੱਖ ਵਿੱਚ ਹੋਰ ਵੱਡੀਆਂ ਉਪਲੱਬਧੀਆਂ ਹਾਸਲ ਕਰਨ ਲਈ ਸ਼ੁਭਕਾਮਨਾਵਾਂ ਦਿੱਤੀਆਂ ਗਈਆਂ ਅਤੇ ਇਹ ਭਰੋਸਾ ਦਿੱਤਾ ਗਿਆ ਕਿ ਸਕੂਲ ਹਰ ਸਮੇਂ ਵਿਦਿਆਰਥੀਆਂ ਨੂੰ ਅੱਗੇ ਵਧਣ ਲਈ ਪੂਰਾ ਸਹਿਯੋਗ ਦਿੰਦਾ ਰਹੇਗਾ।

ਆਵਾਜ਼ਿ ਕੌਮ AWAZE QAUM International Newspaper & WEB TV

# 29 ਅਪ੍ਰੈਲ 1986 ਨੂੰ ਕੀਤੇ ਗਏ ਖਾਲਿਸਤਾਨ ਐਲਾਨਨਾਮੇ ਤੇ ਪਹਿਰਾ ਦਿੰਦਿਆਂ ਆਪਣੀ ਅਜ਼ਾਦੀ ਦੀ ਮੰਜ਼ਿਲ ਵੱਲ ਵਧਣ ਦੀ ਅਪੀਲ: ਬੱਬਰ ਖਾਲਸਾ ਜਰਮਨੀ



**ਨਵੀਂ ਦਿੱਲੀ, 28 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ)**:- ਬੱਬਰ ਖਾਲਸਾ ਜਰਮਨੀ ਦੇ ਸਿੰਘਾਂ ਜਥੇਦਾਰ ਰੇਸ਼ਮ ਸਿੰਘ ਬੱਬਰ, ਭਾਈ ਸਤਨਾਮ ਸਿੰਘ ਬੱਬਰ, ਭਾਈ ਬਿਧੀ ਸਿੰਘ ਬੱਬਰ, ਭਾਈ ਅਵਤਾਰ ਸਿੰਘ ਬੱਬਰ, ਭਾਈ ਹਰਜੋਤ ਸਿੰਘ ਬੱਬਰ, ਭਾਈ ਰਾਜਿੰਦਰ ਸਿੰਘ ਬੱਬਰ ਅਤੇ ਭਾਈ ਬਲਜਿੰਦਰ ਸਿੰਘ ਆਦਿ ਸਿੰਘਾਂ ਨੇ ਖਾਲਿਸਤਾਨ ਦਿਵਸ ਤੇ ਸਿੱਖ ਕੌਮ ਨੂੰ ਅਪੀਲ ਕਰਦਿਆਂ ਕਿਹਾ ਗਿਆ ਹੈ ਕਿ ਜੇਕਰ 1947 ਤੋਂ ਬਾਅਦ ਦਾ ਲੇਖਾ ਜੋਖਾ ਕੀਤਾ ਜਾਵੇ ਤਾਂ ਭਾਰਤੀ ਹੁਕਮਰਾਨਾਂ ਦੁਆਰਾ ਸਿੱਖ ਕੌਮ ਨੂੰ ਖਤਮ ਕਰਨ ਜਾਂ ਹਿੰਦੂਤਵ ਵਿੱਚ ਜ਼ਜ਼ਬ ਕਰਨ ਦਾ ਕੋਈ ਮੌਕਾ ਅਜਾਈਂ ਨਹੀ ਜਾਣ ਦਿੱਤਾ ਗਿਆ। 1978 ਤੋਂ ਲੈਕੇ ਜੇ ਅੱਜ ਤੱਕ ਦੇ ਹਾਲਾਤਾਂ ਤੇ ਡੂੰਘਾਈ ਨਾਲ ਅਧਿਐਨ ਕਰੀਏ ਤਾਂ ਇਹ ਸਿਲਸਿਲਾ ਬਹੁਤ ਤੇਜ਼ੀ ਫੜ ਚੁਕਿਆ ਹੈ।ਮੰਨੂ ਸਿਮਰਤੀ ਦਾ ਸ਼ਾਮ, ਦਾਮ, ਦੰਡ, ਭੇਦ ਵਾਲਾ ਹਰ ਹਰਬਾਅ ਪੂਰੇ ਜ਼ੋਰ ਸੋ.ਰ ਨਾਲ ਵਰਤਿਆ ਜਾ ਰਿਹਾ ਹੈ। ਇਸ ਏਜੰਡੇ ਦੀ ਬਾਈਕ ਸਾਈਡ ਤੇ ਸਭ ਹਿੰਦੂਤਵੀ ਪੜ੍ਹੇ ਲਿਖੇ ਮਾਸਟਰਮਾਇੰਡ ਵਿਅਕਤੀ ਕੰਮ ਕਰ ਰਹੇ ਹਨ। ਜਦੋਂ ਕਿ ਮੋਹਰੇ ਖ਼ੁਦਗਰਜ਼ ਸਵਾਰਥੀ ਸਿੱਖ ਆਗੂਆਂ ਨੂੰ ਬਣਾਇਆ ਜਾ ਰਿਹਾ ਹੈ। ਸਾਡੇ ਧਾਰਮਿਕ, ਸਮਾਜਿਕ ਤੇ ਸੱਭਿਆਚਾਰਕ ਹਰ ਇੱਕ ਖੇਤਰ ਦੀ ਦਿਸ਼ਾ ਅਜਿਹੀ ਗੁੰਝਲਦਾਰ ਬਣਾ ਦਿੱਤੀ ਗਈ ਹੈ ਕਿ ਸਮਝ ਤੋਂ ਬਾਹਰ ਹੁੰਦਾਂ ਜਾ ਰਿਹਾ ਹੈ। ਅਜਿਹੇ ਸਮੇਂ ਬਹੁਤ ਹੀ ਸੂਝ ਬੂਝ ਨਾਲ ਪੰਥ ਦੋਖੀਆਂ ਤੇ ਬਾਜ਼ ਨਿਗਾ ਰੱਖਦੇ ਹੋਏ, ਇੱਕ ਜੁੱਟ ਹੋ ਕੇ ਚੱਲਣ ਦੀ ਲੋੜ ਹੈ। ਬਾਕੀ ਸਭ ਛੱਡ ਕੇ ਸਾਡਾ ਸਾਰਿਆਂ ਦਾ ਨਿਸ਼ਾਨਾ ਸਿਰਫ ਤੇ ਸਿਰਫ ਖਾਲਿਸਤਾਨ ਹੋਣਾ ਚਾਹੀਦਾ ਹੈ ।ਦੂਜਾ ਕੋਈ ਹੱਲ ਨਹੀ। ਜੇ ਅੱਜ ਨਾ ਸੰਭਲੇ ਤਾਂ ਦੇਸ਼ ਪੰਜਾਬ ਦੀ ਧਰਤੀ ਤੇ ਤੁਹਾਡਾ ਸਭ ਕੁੱਝ ਉਲਟ ਪੁਲਟ ਹੋ ਜਾਵੇਗਾ। ਕਿਉਂ ਕਿ ਅਗਲੇ ਆਪਣੇ ਏਜੰਡੇ ਤੇ ਜ਼ੋਰ ਸੋ.ਰ ਨਾਲ ਕੰਮ ਕਰ ਰਹੇ ਹਨ। ਤੁਹਾਨੂੰ ਪੰਜਾਬ ਅੰਦਰ ਘੱਟ ਗਿਣਤੀ ਬਣਾਉਣ ਲਈ ਯੂਪੀ, ਬਿਹਾਰ, ਹਿਮਾਚਲ ਅਤੇ ਹੋਰ ਸਟੇਟਾਂ ਵਾਲੇ ਪੂਰੀ ਤਰ੍ਹਾਂ ਤੁਹਾਡੇ ਡੋਗਰੇ ਸਿੱਖ ਲੀਡਰਾਂ ਦਵਾਰਾ ਸਥਾਪਤ ਕਰਵਾਏ ਜਾ ਚੁੱਕੇ ਹਨ ।ਅਜੇ ਵੀ ਸੰਭਲ ਜਾਓ, ਨਹੀ ਤੇ ਜਿਵੇਂ ਅਸੀਂ 1947 ਵਾਲੇ ਲੀਡਰਾਂ ਨੂੰ ਕੋਸਦੇ ਹਾਂ ਆਉਣ ਵਾਲੀਆਂ ਪੀੜ੍ਹੀਆਂ ਸਾਨੂੰ ਕੋਸਣਗੀਆਂ ।ਅੱਜ ਦੇ ਦਿਨ ਤੇ ਯੋਰਪ ਦੀਆਂ ਸਿੱਖ ਜਥੇਬੰਦੀਆਂ ਵਲੋਂ ਯੋਰਪੀਅਨ ਪਾਰਲੀਮੈਂਟ ਅੱਗੇ ਪ੍ਰੋਗਰਾਮ ਹੋ ਰਹੇ ਹਨ। ਜੋ ਕੇ ਅਗਲੀ ਰਣਨੀਤੀ ਵੀ ਤਹਿ ਕਰਨਗੇ। ਬੱਬਰ ਖਾਲਸਾ ਸਮੂਹ ਸਿੱਖ ਜੁਝਾਰੂਆਂ ਅਤੇ ਬੱਬਰ ਸੂਰਮਿਆਂ ਦੇ ਡੁੱਲ੍ਹੇ ਖ਼ੂਨ ਤੇ ਪਹਿਰਾ ਦਿੰਦਿਆਂ ਆਪਣੇ ਆਖਰੀ ਸਵਾਸਾਂ ਤੱਕ ਆਪਣੀ ਅਜ਼ਾਦੀ ਲਈ ਜੂਝਣ ਦੇ ਝੰਡੇ ਬੁਲੰਦ ਰੱਖੇਗਾ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖਾਂ ਦੇ ਰਾਜ ਕਰਨ ਦੇ ਦ੍ਰਿੜ ਸੰਕਲਪ ਨੂੰ ਸਮਰਪਿਤ "ਖਾਲਿਸਤਾਨ ਐਲਾਨਨਾਮਾ" ਅਧਿਕਾਰਤ ਤੌਰ 'ਤੇ

# ਇੱਕ ਆਜ਼ਾਦ ਸਿੱਖ ਰਾਜ 'ਖਾਲਿਸਤਾਨ' ਦਾ ਐਲਾਨ: ਭਾਈ ਤਾਰਾ, ਭਾਈ ਭਿਓਰਾ

**ਨਵੀਂ ਦਿੱਲੀ, 28 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ)**:- ਸੰਨ 1699 ਵਿੱਚ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਦੁਆਰਾ ਖ਼ਾਲਸਾ ਪੰਥ ਦੀ ਸਾਜਨਾ ਅਤੇ ਉਨ੍ਹਾਂ ਦੇ ਸ਼ਬਦ "ਰਾਜ ਬਿਨਾ ਨਹਿ ਧਰਮੁ ਚਲੈ ਹੈ।। ਧਰਮੁ ਬਿਨਾ ਸਭ ਦਲੈ ਮਲੈ ਹੈ।।" ਨਾਲ ਆਏ ਧਾਰਮਿਕ-ਰਾਜਨੀਤਿਕ ਦ੍ਰਿਸ਼ਟੀਕੋਣ ਨੇ ਸਿੱਖਾਂ ਨੂੰ ਇਸ ਵਿਸ਼ਵਾਸ ਨਾਲ ਭਰ ਦਿੱਤਾ ਕਿ ਪੰਜਾਬ ਉੱਤੇ ਰਾਜ ਕਰਨਾ ਉਨ੍ਹਾਂ ਦਾ ਰੱਬੀ ਅਧਿਕਾਰ ਹੈ। ਸੰਨ 1709 ਵਿੱਚ ਬੰਦਾ ਸਿੰਘ ਬਹਾਦਰ ਦੀ ਅਗਵਾਈ ਵਿੱਚ, ਸਿੱਖ ਫ਼ੌਜਾਂ ਨੇ ਦਿੱਲੀ ਅਤੇ ਲਾਹੌਰ ਦੇ ਵਿਚਕਾਰ ਸਥਿਤ ਉਸ ਸਮੇਂ ਦੇ ਸਭ ਤੋਂ ਸ਼ਕਤੀਸ਼ਾਲੀ ਮੁਗ਼ਲ ਪ੍ਰਸ਼ਾਸਨਿਕ ਕੇਂਦਰ ਸਰਹਿੰਦ ਨੂੰ ਫ਼ਤਿਹ ਕਰਕੇ ਪਹਿਲੇ ਸਿੱਖ ਰਾਜ ਦੀ ਸਥਾਪਨਾ ਕੀਤੀ।





ਬੁੜੈਲ ਜੇਲ੍ਹ ਅੰਦਰ ਬੰਦ ਭਾਈ ਪਰਮਜੀਤ ਸਿੰਘ ਭਿਓਰਾ ਅਤੇ ਭਾਈ ਜਗਤਾਰ ਸਿੰਘ ਨੇ ਇਕ ਮੁਲਾਕਾਤ ਦੌਰਾਨ ਪੰਥ ਨੂੰ ਭੇਜੇ ਸੰਦੇਸ਼ ਵਿਚ ਇੰਨ੍ਹਾ ਸ਼ਬਦਾਂ ਦਾ ਪ੍ਰਗਟਾਵਾ ਕਰਦਿਆਂ ਕਿਹਾ ਬਾਬਾ ਬੰਦਾ ਸਿੰਘ ਬਹਾਦਰ ਨੇ ਸਿੱਖ ਗੁਰੂਆਂ ਦੇ ਨਾਮ ਦੇ ਸਿੱਕੇ ਚਲਾਏ ਅਤੇ ਸਿੱਖਾਂ ਨੂੰ ਹੁਕਮਨਾਮੇ ਜਾਰੀ ਕੀਤੇ ਸਨ ।ਭਾਵੇਂ ਬਾਬਾ ਬੰਦਾ ਸਿੰਘ ਬਹਾਦਰ ਦਾ ਰਾਜ ਥੋੜੇ ਸਮੇਂ ਲਈ ਹੀ ਰਿਹਾ ਪਰ ਇਹ ਰਾਜ ਸਿੱਖਾਂ ਦੇ ਪੰਜਾਬ ਉੱਤੇ ਰਾਜ ਕਰਨ ਦੇ ਦ੍ਰਿੜ ਸੰਕਲਪ ਨੂੰ ਜਨਮ ਦੇ ਗਿਆ ਨਤੀਜੇ ਵਜੋਂ 18ਵੀਂ ਸਦੀ ਦੇ ਅੱਧ ਵਿੱਚ ਇਹ ਰਾਜ ਸਿੱਖ ਮਿਸਲਾਂ ਦੇ ਰੂਪ ਵਿੱਚ ਦੁਬਾਰਾ ਉੱਭਰਿਆ ਬਾਅਦ ਵਿੱਚ ਮਹਾਰਾਜਾ ਰਣਜੀਤ ਸਿੰਘ ਨੇ ਸਿੱਖ ਮਿਸਲਾਂ ਨੂੰ ਜਿੱਤ ਕੇ ਖ਼ਾਲਸਾ ਰਾਜ ਦੀ ਸਥਾਪਨਾ ਕੀਤੀ। ਇੰਨ੍ਹਾ ਲੀਹਾਂ ਉਪਰ ਚਲਦਿਆ ਖਾਲਿਸਤਾਨ ਦੇ ਆਜ਼ਾਦੀ ਦੇ ਐਲਾਨਨਾਮੇ ਦਾ ਇਤਿਹਾਸਕ ਸੰਦੇਸ਼ 29 ਅਪ੍ਰੈਲ 1986 ਨੂੰ ਸ੍ਰੀ ਅਕਾਲ ਤਖ਼ਤ ਸਾਹਿਬ, ਅੰਮ੍ਰਿਤਸਰ ਤੋਂ ਪੰਜ ਮੈਂਬਰੀ ਪੰਥਕ ਕਮੇਟੀ ਵੱਲੋਂ ਜਾਰੀ ਕੀਤਾ ਗਿਆ ਸੀ। ਇਸ ਦਿਨ ਨੂੰ ਸਿੱਖ ਸੰਘਰਸ਼ ਵਿੱਚ ਇੱਕ ਮਹੱਤਵਪੂਰਨ ਮੋੜ ਮੰਨਿਆ ਜਾਂਦਾ ਹੈ, ਕਿਉਂਕਿ ਇਸ ਦਿਨ ਅਧਿਕਾਰਤ ਤੌਰ 'ਤੇ ਇੱਕ ਆਜ਼ਾਦ ਸਿੱਖ ਰਾਜ 'ਖਾਲਿਸਤਾਨ' ਦਾ ਐਲਾਨ ਕੀਤਾ ਗਿਆ ਸੀ। ਖ਼ਾਲਿਸਤਾਨ ਦਾ ਮੁੱਖ ਭਾਵ "ਖ਼ਾਲਸੇ ਦੀ ਸਰਜ਼ਮੀਨ" ਹੈ। ਐਸਜੀਪੀਸੀ ਵਲੋਂ ਵੀ 9 ਮਾਰਚ 1946 ਨੂੰ ਵੱਖਰੇ ਸਿੱਖ ਰਾਜ ਲਈ ਪ੍ਰਸਤਾਵ ਪੇਸ਼ ਕੀਤਾ ਗਿਆ ਸੀ। ਉਪਰੰਤ 28 ਅਗਸਤ 1977 ਨੂੰ ਅਨੰਦਪੁਰ ਸਾਹਿਬ ਦੇ ਮੱਤੇ ਰਾਹੀਂ ਇਸ ਨੂੰ ਮੁੜ ਦੋਹਰਾਇਆ ਗਿਆ ਸੀ। ਸਰਬਤ ਖਾਲਸਾ (26 ਜਨਵਰੀ 1986) ਰਾਹੀਂ ਚੁਣੀ ਗਈ ਪੰਜ ਮੈਂਬਰੀ ਕਮੇਟੀ ਭਾਈ ਧੰਨਾ ਸਿੰਘ, ਭਾਈ ਅਰੂੜ ਸਿੰਘ, ਭਾਈ ਵਸਣ ਸਿੰਘ ਜ਼ਫ਼ਰਵਾਲ, ਭਾਈ ਗੁਰਦੇਵ ਸਿੰਘ ਕਾਉਂਕੇ ਅਤੇ ਬਾਬਾ ਗੁਰਬਚਨ ਸਿੰਘ ਮਾਨੋਚਾਹਲ ਵਲੋਂ 29 ਅਪ੍ਰੈਲ 1986 ਨੂੰ ਪੇਸ਼ ਕੀਤਾ ਗਿਆ ਇਹ ਐਲਾਨਨਾਮਾ ਸਿੱਖਾਂ ਦੇ ਸਿਆਸੀ ਨਿਸ਼ਾਨੇ ਦਾ ਸਪਸ਼ਟ ਪ੍ਰਗਟਾਵਾ ਸੀ, ਜਿਸਦਾ ਉਦੇਸ਼ ਸਿੱਖਾਂ ਦੀ ਨਿਆਰੀ ਅਤੇ ਸੁਤੰਤਰ ਹੋਂਦ ਨੂੰ ਬਰਕਰਾਰ ਰੱਖਣਾ ਸੀ। ਐਲਾਨਨਾਮੇ ਵਿੱਚ ਸਿੱਖ ਸਿਧਾਂਤਾਂ ਅਨੁਸਾਰ "ਬੇਗਮਪੁਰਾ-ਹਲੇਮੀ ਰਾਜ" ਸਥਾਪਿਤ ਕਰਨ ਦੀ ਗੱਲ ਕਹੀ ਗਈ ਸੀ, ਜੋ ਕਿ ਬਰਾਬਰੀ ਅਤੇ ਇਨਸਾਫ਼ 'ਤੇ ਅਧਾਰਤ ਹੋਵੇ ਅਤੇ ਸੰਯੁਕਤ ਰਾਸ਼ਟਰ ਅਤੇ ਮਨੁੱਖੀ ਅਧਿਕਾਰਾਂ ਦਾ ਸਮਰਥਨ ਕਰਨ ਵਾਲੇ ਦੇਸ਼ਾਂ ਨੂੰ ਸਿੱਖ ਸੰਘਰਸ਼ ਦੀ ਹਮਾਇਤ ਕਰਨ ਦੀ ਅਪੀਲ ਕੀਤੀ ਗਈ ਸੀ। ਖਾਲਿਸਤਾਨ ਵਿੱਚ ਜਾਤ, ਰੰਗ ਜਾਂ ਧਰਮ ਦੇ ਆਧਾਰ 'ਤੇ ਕਿਸੇ ਨਾਲ ਵਿਤਕਰਾ ਨਾ ਹੋਣ ਅਤੇ ਸਾਰਿਆਂ ਲਈ ਬਰਾਬਰ ਦੇ ਹੱਕਾਂ ਦੀ ਗਰੰਟੀ ਦਾ ਵਾਅਦਾ ਕੀਤਾ ਗਿਆ ਸੀ। ਇਸ ਵਿੱਚ ਅਮੀਰ-ਗਰੀਬ ਦੇ ਪਾੜੇ ਨੂੰ ਖ਼ਤਮ ਕਰਨ ਅਤੇ ਪੇਂਡੂ ਖੇਤਰਾਂ ਦੇ ਵਿਕਾਸ 'ਤੇ ਜ਼ੋਰ ਦਿੱਤਾ ਗਿਆ ਸੀ, ਤਾਂ ਜੋ ਕੋਈ ਕਿਸੇ ਦਾ ਸ਼ੋਸ਼ਣ ਨਾ ਕਰ ਸਕੇ। ਸਾਡਾ ਸਿਆਸੀ ਨਿਸ਼ਾਨਾ ਗੁਰਮਤਿ ਆਦਰਸ਼ਾਂ ਉੱਤੇ ਅਧਾਰਤ ਅਜਿਹਾ ਪ੍ਰਭੁਸਤਾਸੰਪੰਨ ਸਿਆਸੀ ਢਾਂਚਾ ਅਤੇ ਆਲਮੀ ਨਿਜ਼ਾਮ ਸਥਾਪਿਤ ਕਰਨਾ ਹੈ ਜਿਹੜਾ ਖਾਲਸਾ ਜੀ ਦੇ ਪਾਤਿਸ਼ਾਹੀ ਦਾਅਵੇ ਦਾ ਸਨਮਾਨ ਕਰੇ ਅਤੇ ਇਸ ਵਿਆਪਕ ਖਿੱਤੇ ਤੇ ਸੰਸਾਰ ਵਿਚ 'ਸਰਬੱਤ ਦੇ ਭਲੇ' ਅਤੇ 'ਗਰੀਬ ਦੀ ਰੱਖਿਆ, ਜਰਵਾਣੇ ਦੀ ਭੱਖਿਆ' ਦੇ ਆਦਰਸ਼ਾਂ ਦਾ ਪਾਬੰਦ ਹੋਵੇ। ਖਾਲਿਸਤਾਨ ਆਤਮ-ਸਨਮਾਨ, ਨਿਆ, ਅਤੇ ਇਸ ਖਿਤੇ ਵਿਚ ਅਮਨ ਦਾ ਪ੍ਰਤੀਕ ਹੋਵੇਗਾ ਜਿਸ ਵਿਚ ਹਮਦਰਦੀ, ਖੇਤਰੀ ਸਹਿਯੋਗ, ਅਤੇ ਇਸ ਖਿੱਤੇ ਤੇ ਇਸ ਤੋਂ ਪਾਰ ਦੇ ਦਬਾਏ ਜਾ ਰਹੇ ਸਾਰੇ ਲੋਕਾਂ ਦੀ ਸਾਂਝੀ ਅਜ਼ਾਦੀ ਵਾਸਤੇ ਅਗਵਾਈ ਦੇਣ ਦੀ ਸਮਰੱਥਾ ਹੋਵੇਗੀ। ਅੰਤ ਵਿਚ ਉਨ੍ਹਾਂ ਅਪੀਲ ਕਰਦਿਆਂ ਕਿਹਾ ਕਿ ਇਸ ਇਤਿਹਾਸਿਕ ਮੌਕੇ ਦੇਸ਼ ਵਿਦੇਸ਼ ਅੰਦਰ ਆਜ਼ਾਦੀਪਸੰਦ ਧਿਰਾਂ ਵਲੋਂ ਕੀਤੇ ਜਾ ਰਹੇ ਪ੍ਰੋਗਰਾਮ ਵਿਚ ਵੱਧ ਤੋਂ ਵੱਧ ਹਾਜ਼ਿਰੀ ਭਰ ਕੇ ਚਲ ਰਹੇ ਮੌਜੂਦਾ ਸੰਘਰਸ਼ ਨਾਲ ਸਹਿਮਤੀ ਪ੍ਰਗਟ ਕਰਦਿਆਂ ਆਪਣਾ ਯੋਗਦਾਨ ਪਾਇਆ ਜਾਏ।

**29 ਅਪ੍ਰੈਲ 1986 ਨੂੰ ਪੇਸ਼ ਕੀਤਾ ਗਿਆ ਐਲਾਨਨਾਮਾ ਸਿੱਖਾਂ ਦੇ ਸਿਆਸੀ ਨਿਸ਼ਾਨੇ ਦਾ ਸਪਸ਼ਟ ਪ੍ਰਗਟਾਵਾ**

ਆਵਾਜ਼ਿ ਕੌਮ AWAZE QAUM International Newspaper & WEB TV

ਰੋਟਰੀ ਇੰਟਰਨੈਸ਼ਨਲ ਜ਼ਿਲਾ 3090 ਵੱਲੋਂ ਡਿਜਾਸਟਰ ਗਰਾਂਟ ਤਹਿਤ

# ਹੜ੍ਹ ਪੀੜ੍ਹਤ ਪਿੰਡਾਂ ਦੇ ਦੋ ਸਕੂਲਾਂ ਵਿੱਚ ਬਣਾਏ ਗਏ ਟੋਇਲਟ ਬਲਾਕ



ਫ਼ਿਰੋਜ਼ਪੁਰ, 28 ਅਪ੍ਰੈਲ (ਮਨੋਹਰ ਲਾਲ) :— ਰੋਟਰੀ ਇੰਟਰਨੈਸ਼ਨਲ ਦੀ ਜਿਲਾ 3090 ਵੱਲੋਂ ਫਿਰੋਜ਼ਪੁਰ ਦੇ ਹੜ ਪੀੜਿਤ 2 ਪਿੰਡਾਂ ਦੇ ਸਕੂਲਾਂ ਵਿੱਚ ਬੱਚਿਆਂ ਵਾਸਤੇ ਸਾਫ ਸੁਥਰੇ ਟੋਇਲਟ ਬਲਾਕ ਬਣਾਏ ਗਏ ਅਤੇ ਅੱਜ ਉਨ੍ਹਾਂ ਦੇ ਤਿਆਰ ਹੋਣ ਤੋਂ ਬਾਅਦ ਉਸ ਦਾ ਉਦਘਾਟਨ ਜ਼ਿਲ੍ਹਾ ਗਵਰਨਰ ਰੋਟੇਰੀਅਨ ਭੁਪੇਸ਼ ਮਹਿਤਾ ਵੱਲੋਂ ਕੀਤਾ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਆਗੂਆਂ ਨੇ ਦੱਸਿਆ ਕਿ ਰੋਟਰੀ ਕਲੱਬ ਇੱਕ ਕੌਮਾਂਤਰੀ ਪੱਧਰ ਦੀ ਸਮਾਜ ਸੇਵੀ ਸੰਸਥਾ ਹੈ ਜੋ ਕਿ ਵਿਸ਼ਵ ਦੇ ਲਗਭਗ 200 ਦੇਸ਼ਾਂ ਵਿੱਚ ਕੰਮ ਕਰ ਰਹੀ ਹੈ ਅਤੇ ਵਿਸ਼ਵ ਵਿੱਚ ਇਸ ਦੇ ਕਰੀਬ 15 ਲੱਖ ਮੈਂਬਰ ਹਨ।

ਉਨ੍ਹਾਂ ਕਿਹਾ ਕਿ ਪਿਛਲੇ ਸਾਲ ਹੋਈਆਂ ਬਰਸਾਤਾਂ ਤੋਂ ਬਾਅਦ ਸਤਲੁਜ ਦਰਿਆ ਵਿੱਚ ਪਾਣੀ ਦਾ ਪੱਧਰ ਵੱਧ ਗਿਆ ਸੀ ਜਿਸ ਕਾਰਨ ਹੜਾਂ ਦੀ ਸਥਿਤੀ ਬਣ ਗਈ ਸੀ ਅਤੇ ਜਿਸ ਦਾ ਸਭ ਤੋਂ ਵੱਧ ਨੁਕਸਾਨ ਜਿਲਾ ਫਿਰੋਜਪੁਰ ਅਤੇ ਜ਼ਿਲ੍ਹਾ ਫ਼ਾਜ਼ਿਲਕਾ ਵਿੱਚ ਹੋਇਆ ਸੀ ਇਨਾਂ ਹੜ੍ਹਾਂ ਕਾਰਨ ਜਿੱਥੇ ਕਈ ਮਹੀਨੇ ਆਮ ਜਨ ਜੀਵਨ ਪ੍ਰਭਾਵਿਤ ਹੋਇਆ ਸੀ ਉੱਥੇ ਪਿੰਡਾਂ ਦੇ ਸਕੂਲਾਂ ਦੀਆਂ ਬਿਲਡਿੰਗਾਂ ਵੀ ਹੜਾਂ ਦੀ ਮਾਰ ਦਾ ਸ਼ਿਕਾਰ ਹੋਈਆਂ ਸਨ, ਜਿਸ ਦੇ ਚਲਦੇ ਕੌਮਾਂਤਰੀ ਪੱਧਰ ਦੀ ਸਮਾਜ ਸੇਵੀ ਸੰਸਥਾ ਰੋਟਰੀ ਇੰਟਰਨੈਸ਼ਨਲ ਵੱਲੋਂ ਦੋ ਪਿੰਡ ਧੀਰਾਘਾਰਾ ਅਤੇ ਰੁਕਨੇ ਵਾਲਾ ਦੇ ਸਰਕਾਰੀ ਸਕੂਲਾਂ ਦੀਆਂ ਹੜ ਨਾਲ ਪ੍ਰਭਾਵਿਤ ਹੋਈਆਂ ਟੋਇਲਟ ਬਲਾਕ ਨੂੰ ਨਵੇਂ ਤੌਰ ਤੋਂ ਬਣਾ ਕੇ ਅੱਜ ਉਨ੍ਹਾਂ ਸਕੂਲਾਂ ਦੇ ਸਪੁਰਤ ਕੀਤਾ ਗਿਆ।

ਉਨ੍ਹਾਂ ਕਿਹਾ ਕਿ ਟੋਇਲਟਸ ਦੇ ਉਦਘਾਟਨ ਮੌਕੇ ਰੋਟਰੀ ਜ਼ਿਲ੍ਹਾ ਗਵਰਨਰ ਰੋਟੇਰੀਅਨ ਭੂਪੇਸ਼ ਮਹਿਤਾ ਅਤੇ ਸਾਬਕਾ ਜ਼ਿਲ੍ਹਾ ਗਵਰਨਰ ਰੋਟੇਰੀਅਨ ਪ੍ਰੇਮ ਅਗਰਵਾਲ ਜੋ ਕਿ ਰੋਟਰੀ ਫਾਊਂਡੇਸ਼ਨ ਗਰਾਂਟ ਦੇ ਚੇਅਰਮੈਨ ਵੀ ਹਨ ਵਿਸ਼ੇਸ਼ ਤੌਰ ਤੇ ਪਹੁੰਚੇ। ਇਸ ਤੋਂ ਇਲਾਵਾ ਡਿਪਟੀ ਡੀ.ਈ.ਓ ਡਾਕਟਰ ਸਤਿੰਦਰ ਸਿੰਘ ਸਾਬਕਾ ਜਿਲਾ ਗਵਰਨਰ ਵਿਜੇ ਅਰੋੜਾ ਅਸਿਸਟੈਂਟ ਗਵਰਨਰ ਵਿਜੇ ਮੋਂਗਾ ਕੋਆਰਡੀਨੇਟਰ ਕਮਲ ਸ਼ਰਮਾ, ਮਿੰਟੂ ਚਾਵਲਾ, ਰੋਟਰੀ ਕਲੱਬ ਫਿਰੋਜ਼ਪੁਰ ਸਿਟੀ ਦੇ ਪ੍ਰਧਾਨ ਅਸ਼ੋਕ ਸ਼ਰਮਾ, ਰੋਟਰੀ ਕਲੱਬ ਫਿਰੋਜ਼ਪੁਰ ਕੈਂਟ ਦੇ ਪ੍ਰਧਾਨ ਰਾਹੁਲ ਕੱਕੜ, ਰੋਟਰੀ ਕਲੱਬ ਫਿਰੋਜਪੁਰ ਦੇ ਪ੍ਰਧਾਨ ਕਿਰਪਾਲ ਸਿੰਘ ਮੱਕੜ, ਰੋਟਰੀ ਕਲੱਬ ਫਿਰੋਜ਼ਪੁਰ ਡਾਇਮੰਡ ਦੇ ਪ੍ਰਧਾਨ ਹਿੰਮਤ ਗੋਇਲ, ਬੂਟਾ ਸਿੰਘ, ਡਾਕਟਰ ਸੁਰਿੰਦਰ ਸਿੰਘ ਕਪੂਰ, ਦਿਨੇਸ਼ ਕਟਾਰੀਆ, ਨਰਿੰਦਰ ਕੱਕੜ, ਪਰਮੋਦ ਕਪੂਰ, ਅਜੇ ਬਜਾਜ, ਨਵੀਨ ਅਰੋੜਾ ਆਦਿ ਰੋਟੇਰੀਅਨ ਵੀ ਇਸ ਉਦਘਾਟਨੀ ਸਮਾਰੋਹ ਦਾ ਹਿੰਸਾ ਬਣੇ। ਇਸ ਮੌਕੇ ਮੁੱਖ ਮਹਿਮਾਨ ਜ਼ਿਲ੍ਹਾ ਗਵਰਨਰ ਰੋਟੇਰੀਅਨ ਭਬੇਸ਼ ਮਹਿਤਾ ਨੇ ਦੱਸਿਆ ਕਿ ਇਨ੍ਹਾਂ ਟੋਇਲਟਸ ਬਲੋਕ ਲਈ ਰੋਟਰੀ ਇੰਟਰਨੈਸ਼ਨਲ ਵੱਲੋਂ ਡਿਜਾਸਟਰ ਫੰਡ ਆਇਆ ਸੀ ਅਤੇ ਇਨ੍ਹਾਂ ਉਪਰ ਕਰੀਬ 6 ਲੱਖ ਰੁਪਏ ਦਾ ਖਰਚਾ ਆਇਆ ਹੈ। ਉਨ੍ਹਾਂ ਕਿਹਾ ਕਿ ਇਸੇ ਤਰ੍ਹਾਂ ਹੀ ਅਸੀਂ ਫਾਜਿਲਕਾ ਜ਼ਿਲੇ ਵਿੱਚ ਵੀ ਕੁਝ ਸਕੂਲਾਂ ਵਿੱਚ ਇਹ ਟੋਇਲਟ ਬਲਾਕ ਬਣਾ ਰਹੇ ਹਾਂ ਅਤੇ ਹੋਰ ਵੀ ਜੇ ਕੋਈ ਇਨ੍ਹਾਂ ਸਕੂਲਾਂ ਨੂੰ ਲੋੜ ਹੋਈ ਤਾਂ ਅਸੀਂ ਹਰ ਤਰਾਂ ਦੀ ਸਹਾਇਤਾ ਕਰਨ ਲਈ ਤਿਆਰ ਹਾਂ। ਇਸ ਮੌਕੇ ਸਰਕਾਰੀ ਸੀਨੀਅਰ ਸੈਕੈਂਡਰੀ ਸਕੂਲ ਧੀਰਾਘਾਰਾ ਦੇ ਪ੍ਰਿੰਸੀਪਲ ਗੁਰਵਿੰਦਰ ਸਿੰਘ ਅਤੇ ਸਰਕਾਰੀ ਹਾਈ ਸਕੂਲ ਰੁਕਨੇ ਵਾਲਾ ਦੀ ਪ੍ਰਿੰਸੀਪਲ ਮੋਨੀਕਾ ਮੋਗਾ ਨੇ ਵੀ ਰੋਟਰੀ ਕਲੱਬ ਦੇ ਕੀਤੇ ਕੰਮਾਂ ਲਈ ਉਨ੍ਹਾਂ ਦਾ ਦਿਲੋਂ ਧੰਨਵਾਦ ਕੀਤਾ।

ਆਵਾਜ਼ਿ ਕੌਮ AWAZE QAUM International Newspaper & WEB TV

## ਨੌਜਵਾਨਾਂ ਨੂੰ ਨਸ਼ਿਆਂ ਤੋਂ ਬਚਾਉਣ ਲਈ ਖੇਡਾਂ ਨਾਲ ਜੋੜਨਾ ਚੰਗਾ ਉਪਰਾਲਾ ਚੇਅਰਮੈਨ ਰਣਯੋਧ ਸਿੰਘ, ਹਰਜਿੰਦਰ ਸਿੰਘ ਕਾਂਝਲਾ



**ਧੂਰੀ ( ਰਣਜੀਤ ਸਿੰਘ ਪੇਧਨੀ )**-ਸੰਤ ਬਾਬਾ ਬਿਸ਼ਨ ਸਿੰਘ ਸਪੋਰਟਸ ਕਲੱਬ ਕਾਂਝਲਾ ਅਤੇ ਅਥਲੈਟਿਕਸ ਖਿਡਾਰੀ ਬਿੱਕਰ ਸਿੰਘ ਕਾਂਝਲਾ, ਜੱਗੀ ਸਪੋਰਟਸ ਜਿਮ ਵਾਲੇ, ਹੈਪੀ ਕਾਂਝਲਾ ਕਬੱਡੀ ਪ੍ਰਮੋਟਰ, ਕਾਲਾ ਕਾਂਝਲਾ ਕਬੱਡੀ ਖਿਡਾਰੀ, ਕੈਪਟਨ ਸਰਬਜੀਤ ਸਿੰਘ, ਫੌਜੀ ਗੋਗੀ ਕਾਝਲਾ ਅਤੇ ਨਗਰ ਦੇ ਸਹਿਯੋਗ ਨਾਲ ਸਾਬਕਾ ਫੌਜੀਆਂ ਵੱਲੋਂ 1600 ਮੀਟਰ ਮੀਟ ਕਰਵਾਈ ਗਈ। ਜਿਸ ਵਿੱਚ ਰਣਯੋਧ ਸਿੰਘ ਕਾਂਝਲਾ ਚੇਅਰਮੈਨ ਬਲਾਕ ਸੰਮਤੀ ਧੂਰੀ, ਹਰਜਿੰਦਰ ਸਿੰਘ ਕਾਂਝਲਾ ਮੈਂਬਰ ਜਿਲ੍ਹਾ ਪ੍ਰੀਸ਼ਦ ਡਾਇਰੈਕਟਰ ਵੇਰਕਾ ਮਿਲਕ ਪਲਾਂਟ ਸੰਗਰੂਰ, ਸਮਾਜ ਸੇਵੀ ਪਰਮਜੀਤ ਸਿੰਘ ਕਾਂਝਲਾ ਭਗਵੰਤ ਜੋਸੀ ਕਾਂਝਲਾ ਵਿਸ਼ੇਸ਼ ਤੌਰ ਤੇ ਸ਼ਾਮਿਲ ਹੋਏ । ਇਸ ਮੌਕੇ ਪ੍ਰੈਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਚੇਅਰਮੈਨ ਰਣਜੋਧ ਸਿੰਘ ਕਾਂਝਲਾ ਅਤੇ ਹਰਜਿੰਦਰ ਸਿੰਘ ਕਾਂਝਲਾ ਮੈਂਬਰ ਜਿਲ੍ਹਾ ਪ੍ਰੀਸ਼ਦ ਨੇ ਕਿਹਾ ਕਿ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਦੇ ਲਈ ਇਸ ਤਰ੍ਹਾਂ ਦੇ ਟੂਰਨਾਮੈਂਟ ਕਰਵਾਉਣੇ ਬਹੁਤ ਜਰੂਰੀ ਹਨ ਜਿਸ ਦੇ ਨਾਲ ਨੌਜਵਾਨਾਂ ਦੀ ਨਸਿਆਂ ਤੋਂ ਦੂਰੀ ਬਣਦੀ ਹੈ ਅਤੇ ਸਰੀਰਕ ਤੰਦਰੁਸਤੀ ਬਣੀ ਰਹਿੰਦੀ ਉਹਨਾਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਚੰਗਾ ਖੇਡਣ ਵਾਲੇ ਖਿਡਿਆਰੀਆਂ ਨੂੰ ਕਰੋੜਾਂ ਰੁਪਏ ਦੀ ਨਾਮੀ ਰਾਸ਼ੀ ਦੇ ਕੇ ਸਨਮਾਨ ਕੀਤਾ ਜਾ ਰਿਹਾ ਹੈ, ਤਾਂ ਜੋ ਪੰਜਾਬ ਦੀ ਨੌਜਵਾਨੀ ਨੂੰ ਨਸ਼ਿਆਂ ਦੀ ਦਲਦਲ ਵਿੱਚੋਂ ਬਚਾਇਆ ਜਾ ਸਕੇ ਆਗੂਆਂ ਨੇ ਪਿੰਡ ਦੇ ਸਾਬਕਾ ਫੌਜੀਆਂ ਨੂੰ ਵਧਾਈ ਦਿੱਤੀ ਕਿ ਇਸ ਤਰ੍ਹਾਂ ਦੇ ਉਪਰਾਲੇ ਕਰਨੇ ਚਾਹੀਦੇ ਹਨ ਜਿਨਾਂ ਤੋਂ ਨੌਜਵਾਨਾਂ ਨੂੰ ਸੇਧ ਮਿਲਦੀਆਂ ਇਹ ਸਾਡੇ ਪਿੰਡ ਦੇ ਸਾਬਕਾ ਫੌਜੀਆਂ ਦਾ ਉਪਰਾਲਾ ਬਹੁਤ ਹੀ ਸਰੰਗਾਯੋਗ ਉਪਰਾਲਾ ਹੈ। ਆਗੂਆਂ ਨੇ ਪਿੰਡ ਦੇ ਸਾਬਕਾ ਫੌਜੀਆਂ ਨੂੰ ਵਧਾਈ ਦਿੰਦਿਆ ਕਿਹਾ ਕਿ ਸਾਨੂੰ ਸਾਰਿਆਂ ਨੂੰ ਰਲ ਕੇ ਇਸ ਤਰ੍ਹਾਂ ਦੇ ਉਪਰਾਲੇ ਕਰਨੇ ਚਾਹੀਦੇ ਹਨ, ਪਿੰਡ ਦੇ ਸਾਬਕਾ ਫੌਜੀ ਵਧਾਈ ਦੇ ਪਾਤਰ ਹਨ ਜਿਨ੍ਹਾਂ ਨੇ ਇਸ ਤਰ੍ਹਾਂ ਦਾ ਉਪਰਾਲਾ ਕੀਤਾ।

ਆਵਾਜ਼ਿ ਕੌਮ AWAZE QAUM International Newspaper & WEB TV

# ਅਣ ਅਧਿਕਾਰਿਤ ਤੌਰ ਤੇ ਲੱਗ ਰਹੇ ਖ਼ੂਨ ਦਾਨ ਕੈਂਪਾਂ 'ਤੇ ਸਿਹਤ ਵਿਭਾਗ ਦੀ ਸਖਤ ਕਾਰਵਾਈ



**ਚੌਂਕ ਮਹਿਤਾ, 28 ਅਪ੍ਰੈਲ (ਬਾਬਾ ਸੁਖਵੰਤ ਸਿੰਘ ਚੰਨਣਕੇ )**-ਪੰਜਾਬ ਸਰਕਾਰ ਦੇ ਹੁਕਮਾਂ ਅਨੁਸਾਰ ਸਿਵਲ ਸਰਜਨ ਡਾ ਸਤਿੰਦਰਜੀਤ ਸਿੰਘ ਬਜਾਜ ਦੇ ਦਿਸ਼ਾ ਨਿਰਦੇਸ਼ਾਂ ਤਹਿਤ, ਧਾਰਮਿਕ ਸਥਾਨਾਂ ਦੇ ਬਾਹਰ ਲੱਗ ਰਹੇ ਅਣ ਅਧਿਕਾਰਿਤ ਖ਼ੂਨ ਦਾ ਕੈਂਪਾਂ ਦੀ ਜਾਂਚ ਕਰਨ ਲਈ ਇੱਕ ਵਿਸ਼ੇਸ਼ ਦਾ ਗਠਨ ਕੀਤਾ ਗਿਆ। ਇਸ ਟੀਮ ਵਿੱਚ ਜਿਲ੍ਹਾ ਸਿਹਤ ਅਫਸਰ ਡਾ ਜਸਪਾਲ ਸਿੰਘ, ਡਾ ਬੀ.ਟੀ.ਓ. ਡਾ ਰੇਖਾ ਰਾਣਾ ਅਤੇ ਸਹਿਯੋਗੀ ਸਟਾਫ ਸ਼ਾਮਿਲ ਹਨ। ਇਸ ਟੀਮ ਵੱਲੋਂ ਇੱਕ ਸ਼ਿਕਾਇਤ ਦੇ ਆਧਾਰ ਤੇ ਗੁਰਦੁਆਰਾ ਸ਼ਹੀਦਾਂ ਸਾਹਿਬ ਦੇ ਨੇੜਲੇ ਇਲਾਕੇ ਵਿੱਚ ਲੱਗ ਰਹੀਆਂ ਵੱਖ-ਵੱਖ ਖ਼ੂਨ ਦਾਨ ਕੈਂਪਾਂ ਦੀ ਅਚਾਨਕ ਜਾਂਚ ਕੀਤੀ ਗਈ। ਜਾਂਚ ਦੌਰਾਨ ਟੀਮ ਨੇ ਇਲਾਕੇ ਵਿੱਚ ਕਈ ਕੈਂਪ ਚੱਲਦੇ ਵੇਖੇ। ਇਹਨਾਂ ਕੈਂਪਾਂ ਵਿੱਚ ਜਾਂਚ ਦੌਰਾਨ ਕਈ ਤਰ੍ਹਾਂ ਦੀਆਂ ਤਕਨੀਕੀ ਅਤੇ ਗੰਭੀਰ ਉਲੰਘਣਾਵਾਂ ਸਾਹਮਣੇ ਆਈਆਂ ਜਿਵੇਂ ਕਿ ਬਿਨਾਂ ਮਨਜ਼ੂਰੀ ਦੇ ਖ਼ੂਨਦਾਨ ਕੈਂਪ ਲਗਾਉਣਾ, ਯੋਗ ਸਟਾਫ ਦੀ ਸਟਾਫ ਦੀ ਕਮੀ ਹੋਣਾ, ਬਿਨਾਂ ਮੈਡੀਕਲ ਪ੍ਰੋਫੈਸ਼ਨਲ ਅਤੇ ਟਰੇਂਡ ਸਟਾਫ ਦੇ ਖ਼ੂਨਦਾਨ ਕੈਂਪ ਲਗਾਉਣਾ, ਬੁਨਿਆਦੀ ਕਲੀਨੀਕਲ ਢਾਂਚਾ ਉਪਲਬਧ ਨਾ ਹੋਣਾ ਆਦੀ ਤੋਂ ਇਲਾਵਾ ਖ਼ੂਨ ਦਾਤਾਵਾਂ ਦੀ ਸੁਰੱਖਿਆ ਲਈ ਲੋੜੀਂਦੀਆਂ ਜਰੂਰੀ ਦਵਾਈਆਂ ਅਤੇ ਐਮਰਜੰਸੀ ਸੁਵਿਧਾਵਾਂ ਵਿੱਚ ਕਮੀ ਹੋਣਾ ।

ਉਕਤ ਟੀਮ ਨੇ ਦੱਸਿਆ ਕਿ ਜਾਂਚ ਟੀਮ ਦੇ ਪਹੁੰਚਣ ਦੀ ਖ਼ਬਰ ਮਿਲਣ 'ਤੇ ਕਈ ਆਯੋਜਕਾਂ ਨੇ ਅਚਾਨਕ ਆਪਣੇ ਕੈਂਪ ਬੰਦ ਕਰ ਦਿੱਤੇ ਅਤੇ ਮੌਕੇ ਤੋਂ ਫਰਾਰ ਹੋ ਗਏ।

ਇਨ੍ਹਾਂ ਅਨ ਅਧਿਕਾਰਿਤ ਖ਼ੂਨਦਾਨ ਸੰਸਥਾਵਾਂ ਬਾਰੇ ਵਿਸਥਾਰ-ਪੂਰਵਕ ਰਿਪੋਰਟਾਂ ਅਗਲੀ ਕਾਨੂੰਨੀ ਅਤੇ ਪ੍ਰਸ਼ਾਸਕੀ ਕਾਰਵਾਈ ਲਈ ਸਿਵਲ ਸਰਜਨ ਦਫ਼ਤਰ ਨੂੰ ਭੇਜ ਦਿੱਤੀਆਂ ਗਈਆਂ ਹਨ।

ਸਿਵਲ ਸਰਜਨ ਡਾ ਸਤਿੰਦਰ ਸਿੰਘ ਬਜਾਜ ਵੱਲੋਂ ਸਾਰੇ ਬਲੱਡ ਸੈਂਟਰਾਂ ਅਤੇ ਐਨਜੀਓਜ਼ ਨੂੰ ਸਖ਼ਤ ਚੇਤਾਵਨੀ ਜਾਰੀ ਕੀਤੀ ਗਈ ਹੈ ਕਿ ਸਾਰੇ ਖ਼ੂਨ ਦਾਨ ਕੈਂਪ ਡਰੱਗਜ਼ ਐਂਡ ਕਾਸਮੈਟਿਕਸ ਐਕਟ ਅਤੇ ਨੈਸ਼ਨਲ ਬਲੱਡ ਟ੍ਰਾਂਸਫਿਊਜ਼ਨ ਕੌਂਸਲ ਦੇ ਨਿਯਮਾਂ ਅਨੁਸਾਰ ਹੀ ਲਗਾਏ ਜਾਣ। "ਖ਼ੂਨ ਦਾਤਾ ਦੀ ਸੁਰੱਖਿਆ ਅਤੇ ਖ਼ੂਨ ਦੀ ਗੁਣਵੱਤਾ ਸਭ ਤੋਂ ਮਹੱਤਵਪੂਰਨ ਹਨ। ਕੋਈ ਵੀ ਬਲੱਡ ਸੈਂਟਰ ਜੇਕਰ ਬਿਨਾਂ ਯੋਗ ਤਕਨੀਕੀ ਸਟਾਫ ਦੇ ਪਾਇਆ ਗਿਆ ਤਾਂ ਉਸ ਦੇ ਪਰਮਿਸ਼ਨ ਲਾਈਸੈਂਸ ਤੁਰੰਤ ਰੱਦ ਕੀਤੇ ਜਾਣਗੇ ਅਤੇ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।

ਸਿਵਲ ਸਰਜਨ ਡਾ ਬਜਾਜ ਨੇ ਕਿਹਾ ਕਿ ਸਿਹਤ ਵਿਭਾਗ ਅਜਿਹੀਆਂ ਗਤੀਵਿਧੀਆਂ 'ਤੇ ਸਖਤ ਨਿਗਰਾਨੀ ਜਾਰੀ ਰੱਖੇਗਾ ਤਾਂ ਜੋ ਖ਼ੂਨ ਦਾਨ ਵਰਗੇ ਨੇਕ ਕੰਮ ਨੂੰ ਘਟੀਆ ਪ੍ਰਥਾਵਾਂ ਨਾਲ ਪ੍ਰਭਾਵਿਤ ਨਾ ਹੋਣ ਦਿੱਤਾ ਜਾਵੇ।

### ਰੋਮਣੀ ਕਮੇਟੀ ਮੈਂਬਰ ਭਾਈ ਜਗਤਾਰ ਸਿੰਘ ਰੋਡੇ ਦੀ ਧਰਮ ਪਤਨੀ ਬੀਬੀ ਪਰਮਜੀਤ ਕੌਰ ਨਮਿਤ ਸ਼ਰਧਾਂਜਲੀ ਸਮਾਗਮ

# ਪੰਜਾਬ ਭਰ ਤੋਂ ਪੰਥਕ ਅਤੇ ਰਾਜਨੀਤਿਕ ਪਾਰਟੀਆਂ ਦੇ ਆਗੂਆਂ ਵੱਲੋਂ ਭਰਵੀਂ ਸ਼ਿਰਕਤ

## ਸਿੰਘ ਸਾਹਿਬ ਭਾਈ ਜਸਵੀਰ ਸਿੰਘ ਖਾਲਸਾ ਨੇ ਆਈਆਂ ਸੰਗਤਾਂ ਦਾ ਕੀਤਾ ਧੰਨਵਾਦ





(ਹੋਰ ਤਸਵੀਰਾਂ ਅਗਲੇ ਪੰਨਿਆਂ 'ਤੇ)





**ਮੋਗਾ, 28 ਅਪ੍ਰੈਲ (ਭੁਪਿੰਦਰ ਸਿੰਘ/ਸੁਰਿੰਦਰ ਸਿੰਘ ਮਠਾੜੂ, ਮਨੋਹਰ ਲਾਲ)**-ਸੱਚਖੰਡ ਵਾਸੀ ਬਾਬਾ ਜੋਗਿੰਦਰ ਸਿੰਘ ਜੀ ਦੇ ਸਪੁੱਤਰ ਅਤੇ 20ਵੀਂ ਸਦੀ ਦੇ ਮਹਾਨ ਯੋਧੇ ਦਮਦਮੀ ਟਕਸਾਲ ਦੇ ਚੌਦਵੇਂ ਮੁਖੀ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲਿਆਂ ਦੇ ਭਰਾਤਾ ਸ਼ਹੀਦ ਭਾਈ ਜੰਗੀਰ ਸਿੰਘ ਜੀ ਦੇ ਸਪੁੱਤਰ ਅਤੇ ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਖਾਲਸਾ ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਜੀ ਦੇ ਛੋਟੇ ਭਰਾਤਾ ਭਾਈ ਜਗਤਾਰ ਸਿੰਘ ਰੋਡੇ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਧਰਮ ਸੁਪਤਨੀ ਬੀਬੀ ਪਰਮਜੀਤ ਕੌਰ ਜੀ ਜੋ ਪਿਛਲੇ ਦਿਨੀ ਅਕਾਲ ਚਲਾਣਾ ਕਰ ਗਏ ਸਨ, ਉਨ੍ਹਾਂ ਨਮਿਤ ਸਮੂਹ ਬਾਬਾ ਪਰਿਵਾਰ ਵੱਲੋਂ ਆਰੰਭ ਕਰਵਾਏ ਗਏ ਸ੍ਰੀ ਸਹਿਜ ਪਾਠ ਸਾਹਿਬ ਅਤੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਅਤੇ ਅੰਤਿਮ ਅਰਦਾਸ ਸਮਾਗਮ ਗੁਰਦੁਆਰਾ ਸੰਤ ਖਾਲਸਾ (ਸੰਤ ਗਿਆਨੀ ਜਰਨੈਲ ਸਿੰਘ ਖਾਲਸਾ ਭਿੰਡਰਾਂ ਵਾਲਿਆਂ ਦੇ ਜਨਮ ਅਸਥਾਨ) ਪਿੰਡ ਰੋਡੇ ਜ਼ਿਲ੍ਹਾ ਮੋਗਾ ਵਿਖੇ ਹੋਇਆ। ਇਸ ਮੌਕੇ ਪੰਥ ਦੀਆਂ ਮਹਾਨ ਸ਼ਖਸ਼ੀਅਤਾਂ ਤੋਂ ਇਲਾਵਾ ਪੰਜਾਬ ਭਰ ਦੀਆਂ ਸਮੁੱਚੀਆਂ ਰਾਜਨੀਤਿਕ ਪਾਰਟੀਆਂ ਦੇ ਆਗੂਆਂ ਨੇ ਪਹੁੰਚ ਕੇ ਬੀਬੀ ਪਰਮਜੀਤ ਕੌਰ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ। ਇਸ ਮੌਕੇ ਭਾਈ ਗੁਰਪ੍ਰੀਤ ਸਿੰਘ ਜੀ ਹਜੂਰੀ ਰਾਗੀ ਜੱਥਾ ਸੱਚਖੰਡ ਸ੍ਰੀ ਦਰਬਾਰ ਸਾਹਿਬ ਅਤੇ ਸਿੰਘ ਸਾਹਿਬ ਗਿਆਨੀ ਬਲਵਿੰਦਰ ਸਿੰਘ ਜੀ ਗ੍ਰੰਥੀ ਸਿੰਘ ਸੱਚਖੰਡ ਸ੍ਰੀ ਦਰਬਾਰ ਸਾਹਿਬ ਸੱਚਖੰਡ ਵੱਲੋਂ ਕਥਾ ਵਿਚਾਰਾਂ ਨਾਲ ਗੁਰਮਤਿ ਦੀ ਸਾਂਝ ਪਾਈ ਗਈ। ਗਿਆਨੀ ਬਲਵਿੰਦਰ ਸਿੰਘ ਜੀ ਹੈਡ ਗ੍ਰੰਥੀ ਗੁਰਦੁਆਰਾ ਸੰਤ ਖਾਲਸਾ ਪਿੰਡ ਰੋਡੇ ਦੁਆਰਾ ਬੀਬੀ ਜੀ ਨਮਿੱਤ ਅਰਦਾਸ ਕੀਤੀ ਗਈ। ਇਸ ਮੌਕੇ ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਖਾਲਸਾ ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ, ਭਾਈ ਮੋਹਕਮ ਸਿੰਘ ਦਮਦਮੀ ਟਕਸਾਲ, ਜਥੇਦਾਰ ਬੂਟਾ ਸਿੰਘ ਰਣਸੀਂਹ, ਰਾਜਦੀਪ ਸਿੰਘ ਸਾਬਕਾ ਮੈਂਬਰ ਪਾਰਲੀਮੈਂਟ, ਭਾਈ ਅਮਰਜੀਤ ਸਿੰਘ ਚਾਵਲਾ, ਭਾਈ ਗੁਰਦੀਪ ਸਿੰਘ ਬਠਿੰਡਾ, ਗਿਆਨੀ ਰੁਪਿੰਦਰ ਪਾਲ ਸਿੰਘ ਦਮਦਮੀ ਟਕਸਾਲ, ਭਾਈ ਮਨਜੀਤ ਸਿੰਘ, ਭਾਈ ਕਮਲਜੀਤ ਸਿੰਘ ਬਰਾੜ ਸਮੇਤ ਵੱਡੀ ਗਿਣਤੀ 'ਚ ਬੁਲਾਰਿਆਂ

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

### ਬੀਬੀ ਪਰਮਜੀਤ ਕੌਰ ਦੀ ਨਿੱਘੀ ਯਾਦ ਵਿੱਚ ਭੋਗ ਤੇ ਅਰਦਾਸ ਸਮਾਗਮ ਸੰਪੰਨ

# ਪੰਥਕ ਸਖਸ਼ੀਅਤਾਂ ਤੇ ਸੰਗਤਾਂ ਦਾ ਹੜ੍ਹ ਉਮੜਿਆ

## ਸਿੰਘ ਸਾਹਿਬ ਭਾਈ ਜਸਵੀਰ ਸਿੰਘ ਖਾਲਸਾ ਨੇ ਆਈਆਂ ਸੰਗਤਾਂ ਦਾ ਕੀਤਾ ਧੰਨਵਾਦ











ਨੇ ਬੀਬੀ ਪਰਮਜੀਤ ਕੌਰ ਨੂੰ ਸ਼ਰਧਾਂਜਲੀਆਂ ਭੇਂਟ ਕੀਤੀਆਂ। ਇਸ ਮੌਕੇ ਸਿੰਘ ਸਾਹਿਬ ਜਥੇਦਾਰ ਬਾਬਾ ਅਵਤਾਰ ਸਿੰਘ ਸੰਪਰਦਾਇ ਦਲ ਪੰਥ ਬਾਬਾ ਬਿਧੀ ਚੰਦ ਸਾਹਿਬ ਸੁਰ ਸਿੰਘ ਵਾਲੇ, ਸੰਤ ਬਾਬਾ ਡਾਕਟਰ ਗੁਰਨਾਮ ਸਿੰਘ ਭਾਈ ਕੀ ਡਰੋਲੀ ਵਾਲੇ, ਸੰਤ ਬਾਬਾ ਬੂਟਾ ਸਿੰਘ ਗੁਰਥੜੀ ਵਾਲੇ ਮੈਂਬਰ ਸ਼੍ਰੋਮਣੀ ਕਮੇਟੀ, ਭਾਈ ਈਸ਼ਰ ਸਿੰਘ ਸਪੁੱਤਰ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ, ਅਮਰ ਸ਼ਹੀਦ ਭਾਈ ਸਤਵੰਤ ਸਿੰਘ ਅਗਵਾਨ ਦੇ ਭਤੀਜੇ ਬਾਬਾ ਸੁਖਵਿੰਦਰ ਸਿੰਘ, ਬਾਬਾ ਸੁਰਜੀਤ ਸਿੰਘ ਸੋਧੀ ਲਧਾਈ ਕੇ ਦੇ ਵਿਦਿਆਰਥੀ, ਬਾਬਾ ਛਿੰਦਰ ਸਿੰਘ ਜੈਮਲਵਾਲਾ, ਸੰਤ ਬਾਬਾ ਬਲਦੇਵ ਸਿੰਘ ਜੋਗੇਵਾਲਾ, ਸੰਤ ਬਾਬਾ ਅਮੀਰ ਸਿੰਘ ਮੁਖੀ ਜਵੱਦੀ ਟਕਸਾਲ ਵਾਲੇ, ਭਾਈ ਅਵਤਾਰ ਸਿੰਘ ਘੋਲੀਆ ਅੰਮ੍ਰਿਤ ਸੰਚਾਰ ਜੱਥਾ, ਭਾਈ ਸੁਖਹਰਪ੍ਰੀਤ ਸਿੰਘ ਰੋਡੇ ਅੰਤਰਿੰਗ ਕਮੇਟੀ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ. ਅਰਸ਼ਦੀਪ ਸਿੰਘ ਸਮਰਾ ਸੰਪਾਦਕ ਰੋਜਾਨਾ ਅੱਜ ਦੀ ਆਵਾਜ਼ ਅਖਬਾਰ, ਪ੍ਰੋਫੈਸਰ ਜਸਪਾਲ ਸਿੰਘ ਕੋਟਕਪੂਰਾ, ਭਾਈ ਇਕਬਾਲ ਸਿੰਘ ਫਿੱਡੇ, ਭਾਈ ਜਸਮੇਲ ਸਿੰਘ ਕਲਗੀਧਰ ਅੰਮ੍ਰਿਤ ਸੰਚਾਰ ਜੱਥਾ, ਗਿਆਨੀ ਸੁਖਦੇਵ ਸਿੰਘ ਦਮਦਮੀ ਟਕਸਾਲ, ਬਾਬਾ ਜਤਿੰਦਰ ਸਿੰਘ ਗੋਬਿੰਦ ਬਾਗ ਕਾਰਜਕਾਰੀ ਪ੍ਰਧਾਨ ਆਈ. ਪੀ.ਡੀ., ਬਾਬਾ ਸੱਜਣ ਸਿੰਘ ਵਾੜਾ ਸ਼ੇਰ ਸਿੰਘ ਮੁੱਖ ਸਲਾਹਕਾਰ ਆਈ.ਪੀ.ਡੀ., ਸੰਤ ਬਾਬਾ ਮਹਿੰਦਰ ਸਿੰਘ ਜਨੇਰ ਵਾਲੇ, ਬਾਬਾ ਸੁਖਪ੍ਰੀਤ ਸਿੰਘ ਰਾਜੇਆਣਾ, ਜਥੇਦਾਰ ਬਾਬਾ ਬੋਹੜ ਸਿੰਘ, ਸੰਤ ਬਾਬਾ ਹਰਨਾਮ ਸਿੰਘ ਜੀ ਖਾਲਸਾ ਮੁਖੀ ਦਮਦਮੀ ਟਕਸਾਲ ਦੀ ਤਰਫੋਂ ਗਿਆਨੀ ਰਵਿੰਦਰਪਾਲ ਸਿੰਘ ਦਮਦਮੀ ਟਕਸਾਲ, ਰਾਜਦੇਵ ਸਿੰਘ ਸਾਬਕਾ ਮੈਂਬਰ ਪਾਰਲੀਮੈਂਟ, ਭਾਈ ਕਿਰਪਾ ਸਿੰਘ ਨੱਥੂਵਾਲਾ ਪ੍ਰਧਾਨ ਕਿਸਾਨ ਬਚਾਓ ਮੋਰਚਾ ਆਈ.ਪੀ.ਡੀ, ਭਾਈ ਲਖਵਿੰਦਰ ਸਿੰਘ ਫਿਰੋਜ਼ਪੁਰ, ਭਾਈ ਗੁਰਨਾਮ ਸਿੰਘ ਮਾਹਲਾ, ਸ਼ਹੀਦ ਭਾਈ ਨਿਰਮਲ ਸਿੰਘ ਦੇ ਭਰਾ ਗੁਰਸੇਵਕ ਸਿੰਘ ਸਮਾਲਸਰ, ਭਾਈ ਬਲਵਿੰਦਰ ਸਿੰਘ ਫਿਰੋਜ਼ਪੁਰ, ਭਾਈ ਦਇਆ ਸਿੰਘ ਲਹੌਰੀਆ, ਬਾਬਾ ਸਤਨਾਮ ਸਿੰਘ ਵੱਲੀਆਂ ਪ੍ਰਧਾਨ ਧਾਰਮਿਕ ਵਿੰਗ ਆਈ.ਪੀ.ਡੀ, ਭਾਈ ਮਨਜੀਤ ਸਿੰਘ ਭੋਮਾ ਚੇਅਰਮੈਨ ਧਰਮ ਪ੍ਰਚਾਰ ਦਿੱਲੀ ਸਿੱਖ ਮੈਨੇਜਮੈਂਟ ਕਮੇਟੀ,

ਆਵਾਜ਼ਿ ਕੌਮ AWAZE QAUM International Newspaper & WEB TV



ਭਾਈ ਨਛੱਤਰ ਸਿੰਘ ਠੀਕਰੀਵਾਲਾ, ਬਾਬਾ ਸੁਰਜੀਤ ਸਿੰਘ ਮਹਿਰੋਂ ਵਾਲੇ, ਬਾਬਾ ਅਜੀਤ ਸਿੰਘ ਮੱਲੋ ਸ਼ਹੀਦ ਅਸਥਾਨ ਵਾਲੇ, ਬਾਬਾ ਗੁਰਮੀਤ ਸਿੰਘ ਦਬੜੀਖਾਨਾ, ਜਥੇਦਾਰ ਬੂਟਾ ਸਿੰਘ ਰਣਸੀਂਹ ਜਨਰਲ ਸਕੱਤਰ ਯੂਨਾਈਟਡ ਅਕਾਲੀ ਦਲ, ਭਾਈ ਪਰਮਜੀਤ ਸਿੰਘ ਸਹੌਲੀ ਪ੍ਰਧਾਨ ਸੁਤੰਤਰ ਅਕਾਲੀ ਦਲ, ਭਾਈ ਅਮਰਜੀਤ ਸਿੰਘ ਚਾਵਲਾ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਨੰਦਪੁਰ ਸਾਹਿਬ, ਸੰਤ ਬਾਬਾ ਬਲਕਾਰ ਸਿੰਘ ਘੋਲੀਆ, ਜਥੇਦਾਰ ਦਲੀਪ ਸਿੰਘ ਚਕਰ ਕਨਵੀਨਰ ਆਈ.ਪੀ.ਡੀ, ਬਾਬਾ ਪਾਲ ਸਿੰਘ ਹਰੀਨੋ ਵਾਲੇ, ਬਾਬਾ ਗੁਰਦਿਆਲ ਸਿੰਘ ਲੰਗੇਆਣਾ, ਭਾਈ ਧੰਨਾ ਸਿੰਘ ਯੂ.ਕੇ, ਬਾਬਾ ਹਰਜਿੰਦਰ ਸਿੰਘ, ਗਿਆਨੀ ਹਰਜਿੰਦਰ ਸਿੰਘ, ਸ਼ਹੀਦ ਭਾਈ ਅਵਤਾਰ ਸਿੰਘ ਖੰਡਾ ਯੂ.ਕੇ ਦੀ ਮਾਤਾ ਬੀਬੀ ਚਰਨਜੀਤ ਕੌਰ, ਭਾਈ ਕਮਲਜੀਤ ਸਿੰਘ ਬਰਾੜ ਖੋਟਿਆਂ ਵਾਲੇ, ਭਾਈ ਕਰਨੈਲ ਸਿੰਘ ਪੰਜੋਲੀ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਭਾਈ ਅਰਸ਼ ਉਮਰੀਆਣਾ, ਭਾਈ ਹਰਜੋਤ ਸਿੰਘ ਜਿਲ੍ਹਾ ਪ੍ਰਧਾਨ, ਗੋਪੀ ਸਰਪੰਚ ਕੋਟਲਾ, ਡਾਕਟਰ ਬਲਦੇਵ ਸਿੰਘ ਸੇਖਾ, ਬੇਅੰਤ ਸਿੰਘ ਸੇਖਾ, ਲਖਵੀਰ ਸਿੰਘ ਸਰਪੰਚ ਰੋਡੇ, ਇੰਦਰਜੀਤ ਸਿੰਘ ਲੰਡੇ, ਜਗਦੀਪ ਸਿੰਘ ਗਟਰਾ ਨਿਹਾਲ ਸਿੰਘ ਵਾਲਾ, ਸੁਖਰਾਜ ਸਿੰਘ ਨਿਆਮੀ ਵਾਲਾ, ਜਸਵਿੰਦਰ ਸਿੰਘ ਸਾਹੋਕੇ, ਜਸਵੀਰ ਸਿੰਘ ਮੁਕਤਸਰ ਸਾਹਿਬ, ਸੂਬੇਦਾਰ ਬਲਵੰਤ ਸਿੰਘ ਰੋਡੇ, ਭੋਲਾ ਸਿੰਘ ਬਰਾੜ ਸਮਾਧ ਭਾਈ, ਹਰਜਿੰਦਰ ਸਿੰਘ ਚੇਅਰਮੈਨ ਮੋਗਾ, ਵੈਦ ਰਜਿੰਦਰ ਸਿੰਘ ਦਮਦਮਾ ਸਾਹਿਬ, ਭਾਈ ਅਮਰਜੀਤ ਸਿੰਘ ਲੰਗੇਆਣਾ, ਬਲਜੀਤ ਸਿੰਘ ਫਰੀਦਕੋਟ, ਤਾਰਾ ਸਿੰਘ ਲੰਗੇਆਣਾ, ਸੋਹਣ ਸਿੰਘ ਸਰਪੰਚ ਸੰਗਤਸਰ, ਜਥੇਦਾਰ ਹਰਮੇਲ ਸਿੰਘ ਮੌੜ, ਗੁਰਦਿੱਤ ਸਿੰਘ ਹਰੀਏਵਾਲਾ, ਅਮਰਜੀਤ ਸਿੰਘ ਬਰਾੜ ਰਾਜੇਆਣਾ, ਹਰਪ੍ਰੀਤ ਸਿੰਘ ਪੰਚ ਰੋਡੇ, ਸਾਹਿਬ ਸਿੰਘ ਸਰਪੰਚ ਜੀ ਟੀ ਬੀ ਗੜ, ਸਮਾਜ ਸੇਵੀ ਫੂਲਾ ਸਿੰਘ ਬਰਾੜ ਯੂਕੇ ਵਾਲੇ ਸਮੇਤ ਸਮੁੱਚੇ ਪੰਜਾਬ ਭਰ ਅਤੇ ਇਲਾਕੇ ਤੋਂ ਵੱਖ ਵੱਖ ਪੰਥਕ ਦਲ, ਰਾਜਨੀਤਕ ਆਗੂ, ਧਾਰਮਿਕ ਸ਼ਖਸ਼ੀਅਤਾਂ ਇਲਾਕੇ ਦੀਆਂ ਪੰਚਾਇਤਾਂ ਅਤੇ ਹੋਰ ਮੋਹਤਬਰ ਆਗੂ ਵੱਡੀ ਗਿਣਤੀ ਵਿੱਚ ਹਾਜ਼ਰ ਹੋਏ। ਇਸ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗਿਆਨੀ ਜਗਤਾਰ ਸਿੰਘ ਹੈਡ ਗ੍ਰੰਥੀ ਤਖ਼ਤ ਸ੍ਰੀ ਦਮਦਮਾ ਸਾਹਿਬ ਸ਼ੋਕ ਸੰਦੇਸ਼ ਲੈ ਕੇ ਪਹੁੰਚੇ। ਜਿਨਾਂ ਨੂੰ ਪੰਥਕ ਆਗੂਆਂ ਵਲੋਂ ਸਿਰੋਪਾਓ ਦੀ ਬਖਸ਼ਿਸ਼ ਦੇ ਕੇ ਸਨਮਾਨਿਤ ਕੀਤਾ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

### ਸਿਧਾਂਤਾਂ ਤੋਂ ਟੁੱਟ ਕੇ ਮੌਕਾਪ੍ਰਸਤੀ ਵੱਲ ਵਧ ਰਹੇ ਆਗੂਆਂ ਬਾਰੇ

# 'ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ' ਦਾ ਸਪੱਸ਼ਟ ਸਟੈਂਡ

**ਚੰਡੀਗੜ੍ਹ, 28 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)-** 'ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ' ਦੇ ਪ੍ਰਧਾਨ ਅਤੇ ਸ੍ਰੀ ਅਕਾਲ ਤਖਤ ਸਾਹਿਬ ਦੇ ਸਾਬਕਾ ਜਥੇਦਾਰ ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਜੀ ਨੇ ਅੱਜ ਅਤੇ ਬੀਤੇ ਦਿਨਾਂ ਦੌਰਾਨ ਪਾਰਟੀ ਛੱਡ ਕੇ ਭਾਰਤੀ ਜਨਤਾ ਪਾਰਟੀ, ਅਕਾਲੀ ਦਲ ਬਾਦਲ ਅਤੇ ਹੋਰ ਰਾਜਨੀਤਿਕ ਦਲਾਂ ਵਿੱਚ ਸ਼ਾਮਲ ਹੋਏ ਅਤੇ ਸ਼ਾਮਲ ਹੋਣ ਦੇ ਚਾਹਵਾਨ ਆਗੂਆਂ ਬਾਰੇ ਇੱਕ ਅਹਿਮ ਬਿਆਨ ਜਾਰੀ ਕੀਤਾ ਹੈ।



**ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਜੀ ਦੇ ਮੁੱਖ ਵਿਚਾਰ:** ਸਿਧਾਂਤਹੀਣ ਰਾਜਨੀਤੀ ਦਾ ਪਰਦਾਫਾਸ਼: ਸਿੰਘ ਸਾਹਿਬ ਨੇ ਕਿਹਾ ਕਿ, "ਜੋ ਆਗੂ ਸ਼੍ਰੋਮਣੀ ਅਕਾਲੀ ਦਲ ਦੇ ਮੂਲ ਸਿਧਾਂਤਾਂ ਨੂੰ ਮੁੜ ਸੁਰਜੀਤ ਕਰਨ ਦੀ ਗੱਲ ਕਰਦੇ ਸਨ, ਅੱਜ ਆਪਣੇ ਨਿੱਜੀ ਸਵਾਰਥਾਂ ਖ਼ਾਤਰ ਦੂਜੀਆਂ ਪਾਰਟੀਆਂ ਵਿੱਚ ਜਾ ਕੇ ਸ਼ਾਮਲ ਹੋ ਰਹੇ ਹਨ, ਇਹ ਉਨ੍ਹਾਂ ਦੀ ਰਾਜਨੀਤਿਕ ਬੌਣਤਾ ਅਤੇ ਸਿਧਾਂਤਹੀਣਤਾ ਦਾ ਸਬੂਤ ਹੈ। ਸਾਡੀ ਪਾਰਟੀ ਅਜਿਹੇ ਲੋਕਾਂ ਲਈ ਕੋਈ ਮੰਚ ਨਹੀਂ ਸੀ ਅਤੇ ਨਾ ਹੀ ਰਹੇਗੀ ਜੋ ਸਿਰਫ਼ ਕੁਰਸੀਆਂ ਦੇ ਭੁੱਖੇ ਹਨ।"

ਲੀਡਰਸ਼ਿਪ ਅਤੇ ਵਰਕਰਾਂ ਲਈ ਨਸੀਹਤ: ਉਨ੍ਹਾਂ ਪਾਰਟੀ ਦੀ ਸਮੁੱਚੀ ਲੀਡਰਸ਼ਿਪ ਨੂੰ ਨਸੀਹਤ ਦਿੱਤੀ ਕਿ ਅਜਿਹੇ ਆਗੂਆਂ ਦੇ ਜਾਣ ਨਾਲ ਪਾਰਟੀ ਨੂੰ ਕੋਈ ਨੁਕਸਾਨ ਨਹੀਂ, ਸਗੋਂ ਪਾਰਟੀ ਉਨ੍ਹਾਂ ਅੰਦਰੂਨੀ ਕਮਜ਼ੋਰੀਆਂ ਤੋਂ ਮੁਕਤ ਹੋ ਰਹੀ ਹੈ ਜੋ ਪੰਥਕ ਸੋਚ ਨੂੰ ਕਮਜ਼ੋਰ ਕਰਦੀਆਂ ਸਨ। ਉਨ੍ਹਾਂ ਵਰਕਰਾਂ ਨੂੰ ਸਲਾਹ ਦਿੱਤੀ ਕਿ ਉਹ ਅਜਿਹੇ ਮੌਕਾਪ੍ਰਸਤਾਂ ਦੇ ਭਰਮਜਾਲ ਵਿੱਚ ਨਾ ਫਸਣ।

ਪਾਰਟੀ ਦਾ ਮਕਸਦ ਅਟੱਲ: ਸਿੰਘ ਸਾਹਿਬ ਨੇ ਸਪੱਸ਼ਟ ਕੀਤਾ, "ਸਾਡਾ ਮੰਚ 'ਪੁਨਰ ਸੁਰਜੀਤ' ਸਿਰਫ਼ ਪੰਥ ਅਤੇ ਪੰਜਾਬ ਦੇ ਹਿੱਤਾਂ ਲਈ ਬਣਿਆ ਹੈ। ਜਿਹੜੇ ਆਗੂ ਪਾਰਟੀ ਨੂੰ ਆਪਣੀ ਪੌੜੀ ਸਮਝ ਕੇ ਦੂਜੀਆਂ ਪਾਰਟੀਆਂ ਵਿੱਚ ਜਾਣ ਦੀ ਤਾਕ ਵਿੱਚ ਹਨ, ਉਨ੍ਹਾਂ ਲਈ ਸਾਡੇ ਦਰਵਾਜ਼ੇ ਸਦਾ ਲਈ ਬੰਦ ਹਨ। ਅਸੀਂ ਰਾਜਨੀਤਿਕ ਤੌਰ 'ਤੇ ਮਰੇ ਹੋਏ ਜਾਂ ਡਾਵਾਂਡੋਲ ਆਗੂਆਂ ਨੂੰ ਨਹੀਂ, ਸਗੋਂ ਮਜ਼ਬੂਤ ਅਤੇ ਸਿਧਾਂਤਕ ਨੌਜਵਾਨ ਲੀਡਰਸ਼ਿਪ ਨੂੰ ਤਿਆਰ ਕਰਨਾ ਚਾਹੁੰਦੇ ਹਾਂ।"

ਅਨੁਸ਼ਾਸਨੀ ਸਖ਼ਤੀ: ਉਨ੍ਹਾਂ ਇਹ ਵੀ ਸੰਕੇਤ ਦਿੱਤੇ ਕਿ ਜੋ ਆਗੂ ਪਾਰਟੀ ਦੀ ਮਰਿਆਦਾ ਨੂੰ ਛੱਡ ਕੇ ਦੂਜੀਆਂ ਪਾਰਟੀਆਂ ਨਾਲ ਸੌਦੇਬਾਜ਼ੀ ਕਰ ਰਹੇ ਹਨ, ਉਨ੍ਹਾਂ ਨਾਲ ਪਾਰਟੀ ਕੋਈ ਵੀ ਰਿਆਇਤ ਨਹੀਂ ਵਰਤੇਗੀ। ਪਾਰਟੀ ਦੀ ਸਾਖ਼ ਨੂੰ ਨੁਕਸਾਨ ਪਹੁੰਚਾਉਣ ਵਾਲੇ ਅਜਿਹੇ ਤੱਤਾਂ ਨੂੰ ਪੂਰੀ ਤਰ੍ਹਾਂ ਨਕਾਰਿਆ ਜਾਵੇਗਾ।

ਅੰਤ ਵਿੱਚ, ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਜੀ ਨੇ ਦੁਹਰਾਇਆ ਕਿ 'ਪੁਨਰ ਸੁਰਜੀਤ' ਲਹਿਰ ਇੱਕ ਮਿਸ਼ਨ ਹੈ, ਕੋਈ ਵਪਾਰਕ ਅਦਾਰਾ ਨਹੀਂ। ਅਸੀਂ ਆਪਣੇ ਮਕਸਦ 'ਤੇ ਅਡੋਲ ਹਾਂ ਅਤੇ ਆਉਣ ਵਾਲੇ ਸਮੇਂ ਵਿੱਚ ਪੰਜਾਬ ਦੀ ਅਸਲ ਸੇਵਾ ਕਰਨ ਵਾਲੇ ਲੋਕ ਹੀ ਇਸ ਲਹਿਰ ਦਾ ਹਿੱਸਾ ਰਹਿਣਗੇ। ਪਾਰਟੀ ਪ੍ਰਧਾਨ ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਦਾ ਇਹ ਪ੍ਰੈਸ ਬਿਆਨ ਪਾਰਟੀ ਦੇ ਮੁੱਖ ਬੁਲਾਰੇ ਸਰਦਾਰ ਕਰਨੈਲ ਸਿੰਘ ਪੀਰ ਮੁਹੰਮਦ ਅਤੇ ਮੀਡੀਆ ਇੰਚਾਰਜ ਸਰਦਾਰ ਤੇਜਿੰਦਰ ਸਿੰਘ ਪੰਨੂ ਨੇ ਪ੍ਰੈਸ ਦੇ ਨਾਮ ਜਾਰੀ ਕੀਤਾ।

# ਫ਼ਿਰੋਜ਼ਪੁਰ ਵਿੱਚ ਮੁ.ਫਤ ਫਾਈਬਰੋ ਸਕੈਨ ਜਾਂਚ ਕੈਂਪ 30 ਅਪ੍ਰੈਲ ਨੂੰ

ਫ਼ਿਰੋਜ਼ਪੁਰ, 28 ਅਪ੍ਰੈਲ (ਮਨੋਹਰ ਲਾਲ):— ਮੋਗਾ ਰੋਡ 'ਤੇ ਸਥਿਤ ਅਮਨਦੀਪ ਹਸਪਤਾਲ ਵਿੱਚ ਉਜਾਲਾ ਸਿਗਨਸ ਹੈਲਥਕੇਅਰ ਸਰਵਿਸਿਜ਼ ਦੇ ਸਹਿਯੋਗ ਅਤੇ ਸ਼੍ਰੀ ਸਨਾਤਨ ਧਰਮ ਸਭਾ, ਸੂਜੀ ਬਾਜ਼ਾਰ, ਫ਼ਿਰੋਜ਼ਪੁਰ ਕੈਂਟ ਦੇ ਸਮਰਥਨ ਨਾਲ ਸੋਮਵਾਰ 30 ਅਪ੍ਰੈਲ ਨੂੰ ਸਵੇਰੇ 10:00 ਵਜੇ ਤੋਂ ਦੁਪਹਿਰ 1:00 ਵਜੇ ਤੱਕ ਮੁਫ਼ਤ ਫਾਈਬਰੋ ਸਕੈਨ ਜਾਂਚ ਕੈਂਪ ਲਗਾਇਆ ਜਾਵੇਗਾ।



ਹਸਪਤਾਲ ਪ੍ਰਬੰਧਨ ਅਨੁਸਾਰ ਆਮ ਤੌਰ 'ਤੇ ਲਗਭਗ 4000 ਰੁਪਏ ਦੀ ਲਾਗਤ ਵਾਲੀ ਫਾਈਬਰੋ ਸਕੈਨ ਜਾਂਚ ਇਸ ਕੈਂਪ ਵਿੱਚ ਪੂਰੀ ਤਰ੍ਹਾਂ ਮੁਫ਼ਤ ਕੀਤੀ ਜਾਵੇਗੀ। ਜਾਂਚ ਲਈ ਆਧੁਨਿਕ ਏ.ਆਈ ਸੰਚਾਲਿਤ ਇਕੋਸੈਂਸ ਮਿਨੀਲ਼ 430 ਮਸ਼ੀਨ ਦੀ ਵਰਤੋਂ ਕੀਤੀ ਜਾਵੇਗੀ, ਜਿਸ ਨਾਲ ਜਿਗਰ ਦੀ ਸਥਿਤੀ ਦਾ ਸਹੀ ਅੰਕਲਨ ਸੰਭਵ ਹੋਵੇਗਾ। ਫਾਈਬਰੋ ਸਕੈਨ ਇੱਕ ਗੈਰ ਆਕਰਮਕ ਜਾਂਚ ਹੈ, ਜੋ ਫੈਟੀ ਲਿਵਰ ਅਤੇ ਜਿਗਰ ਦੀ ਕਠੋਰਤਾ ਨੂੰ ਸ਼ੁਰੂਆਤੀ ਪੜਾਅ 'ਚ ਪਛਾਣਨ ਵਿੱਚ ਮਦਦਗਾਰ ਸਾਬਤ ਹੁੰਦੀ ਹੈ, ਜਿਸ ਨਾਲ ਸਮੇਂ ਸਿਰ ਇਲਾਜ ਸੰਭਵ ਬਣਦਾ ਹੈ। ਕੈਂਪ ਦਾ ਉਦਘਾਟਨ ਹਸਪਤਾਲ ਦੇ ਫੈਸਿਲਿਟੀ ਡਾਇਰੈਕਟਰ ਅਭਿਸ਼ੇਕ ਅਰੋੜਾ ਅਤੇ ਸ਼੍ਰੀ ਸਨਾਤਨ ਧਰਮ ਸਭਾ ਦੇ ਪ੍ਰਧਾਨ ਬਾਲ ਕਿਸ਼ਨ ਮਿੱਤਲ ਵੱਲੋਂ ਸੀਨੀਅਰ ਅਧਿਕਾਰੀਆਂ ਅਤੇ ਇਲਾਕਾ ਵਾਸੀਆਂ ਦੀ ਹਾਜ਼ਰੀ ਵਿੱਚ ਕੀਤਾ ਜਾਵੇਗਾ। ਅਮਨਦੀਪ ਹਸਪਤਾਲ ਦੀ ਡਾਇਰੈਕਟਰ ਅਮਨਦੀਪ ਕੌਰ ਨੇ ਕਿਹਾ ਕਿ ਬਦਲਦੀ ਜੀਵਨਸ਼ੈਲੀ ਅਤੇ ਸਮੇਂ ਸਿਰ ਜਾਂਚ ਨਾ ਹੋਣ ਕਾਰਨ ਜਿਗਰ ਨਾਲ ਸੰਬੰਧਿਤ ਬਿਮਾਰੀਆਂ ਤੇਜ਼ੀ ਨਾਲ ਵੱਧ ਰਹੀਆਂ ਹਨ। ਉਨ੍ਹਾਂ ਦੱਸਿਆ ਕਿ ਇਸ ਮੁਫ਼ਤ ਜਾਂਚ ਕੈਂਪ ਦਾ ਉਦੇਸ਼ ਫ਼ਿਰੋਜ਼ਪੁਰ ਅਤੇ ਆਸ—ਪਾਸ ਦੇ ਇਲਾਕਿਆਂ ਦੇ ਲੋਕਾਂ ਨੂੰ ਆਧੁਨਿਕ ਜਾਂਚ ਸਹੂਲਤਾਂ ਪ੍ਰਦਾਨ ਕਰਨਾ ਹੈ ਤਾਂ ਜੋ ਗੰਭੀਰ ਬਿਮਾਰੀਆਂ ਤੋਂ ਸਮੇਂ ਸਿਰ ਬਚਾਅ ਕੀਤਾ ਜਾ ਸਕੇ। ਹਸਪਤਾਲ ਪ੍ਰਬੰਧਨ ਨੇ ਇਲਾਕਾ ਵਾਸੀਆਂ ਨੂੰ ਅਪੀਲ ਕੀਤੀ ਹੈ ਕਿ ਉਹ ਇਸ ਮੁਫ਼ਤ ਸਿਹਤ ਸੇਵਾ ਦਾ ਵੱਧ ਤੋਂ ਵੱਧ ਲਾਭ ਲੈਣ।

### 42ਵੇਂ ਘੱਲੂਘਾਰਾ ਦਿਵਸ ਨੂੰ ਸਮਰਪਿਤ ਗੁਰਮਤਿ ਸਮਾਗਮ

# ਸੰਤ ਬਾਬਾ ਗੁਰਬਖਸ਼ ਸਿੰਘ ਖਾਲਸਾ ਅਕੈਡਮੀ ਜੱਬੋਵਾਲ ਵਿੱਖੇ 1 ਮਈ ਨੂੰ

ਚੌਕ ਮਹਿਤਾ, 28 ਅਪ੍ਰੈਲ (ਬਾਬਾ ਸੁਖਵੰਤ ਸਿੰਘ ਚੰਨਣਕੇ)-ਜੂਨ '84 ਤੀਸਰੇ ਘੱਲੂਘਾਰੇ ਦੀ ਯਾਦ 'ਚ ਹਰ ਸਾਲ ਦੀ ਤਰ੍ਹਾਂ 6 ਜੂਨ ਨੂੰ ਦਮਦਮੀ ਟਕਸਾਲ ਦੇ ਮੌਜੂਦਾ ਮੁੱਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸ੍ਰੀ ਮਾਨ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲੇ ਪ੍ਰਧਾਨ ਸੰਤ ਸਮਾਜ ਦੀ ਰਹਿਨੁਮਾਈ ਹੇਠ ਦਮਦਮੀ ਟਕਸਾਲ ਦੇ ਹੈੱਡ ਕੁਆਰਟਰ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼ ਮਹਿਤਾ ਵਿਖੇ ਹੋਣ ਜਾ ਰਹੇ 42 ਵੇਂ ਸ਼ਹੀਦੀ ਜੋੜ ਮੇਲੇ ਦੀਆਂ ਤਿਆਰੀਆਂ ਆਰੰਭ ਹੋ ਚੁੱਕੀਆਂ ਹਨ।





ਇਸ ਦੌਰਾਨ ਵੱਖ-ਵੱਖ ਨਗਰਾਂ "ਚ ਮਹੀਨਾ ਭਰ ਸਜਾਏ ਜਾਣ ਵਾਲੇ ਸ਼ਬਦ-ਕੀਰਤਨ ਤੇ ਕਥਾ ਸਮਾਗਮਾਂ ਦੀ ਸੂਚੀ ਪ੍ਰਬੰਧਕਾਂ ਵੱਲੋਂ ਜਾਰੀ ਕਰ ਦਿੱਤੀ ਗਈ, ਜਿਸਦੇ ਚੱਲਦਿਆਂ 1 ਤੋਂ 31 ਮਈ ਤੱਕ ਸ਼ਾਮ ਦੇ ਗੁਰਮਤਿ ਦੀਵਾਨਾਂ ਦਾ ਸਮ੍ਹਾਂ 6 ਤੋਂ 8 ਹੋਵੇਗਾ, ਜਦਕਿ 5 ਮਈ ਵਾਲੇ ਦਿਨ ਸਵੇਰੇ 12 ਤੋਂ 2 ਤੇ ਸ਼ਾਮ 6 ਤੋਂ 8 ਵਜੇ ਦੇ ਦੋ ਦੀਵਾਨ ਹੋਣਗੇ। ਇਨ੍ਹਾਂ ਸਮਾਗਮਾਂ 'ਚ ਦਮਦਮੀ ਟਕਸਾਲ ਦੇ ਹਜ਼ੂਰੀ ਰਾਗੀ ਜਥੇ ਵੱਲੋਂ ਸ਼ਬਦ ਕੀਰਤਨ ਸਰਵਣ ਕਰਾਇਆ ਜਾਵੇਗਾ, ਉਪਰੰਤ ਦਮਦਮੀ ਟਕਸਾਲ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਗੁਰ-ਇਤਿਹਾਸ ਸਣਾਉਂਦੇ ਹੋਏ ਸੰਗਤਾਂ ਨਾਲ ਕਥਾ ਵਿਚਾਰ ਦੀ ਸਾਂਝ ਪਾਉਣਗੇ।

ਸੰਤ ਬਾਬਾ ਮਲਕੀਤ ਸਿੰਘ ਖਾਲਸਾ ਸੰਗੀਤ ਅਕੈਡਮੀ ਜੱਬੋਵਾਲ ਦੇ ਮੌਜੂਦਾ ਮੁੱਖੀ ਅਤੇ ਗਿਆਨੀ ਤੇਜਬੀਰ ਸਿੰਘ ਭਲਾਈਪੁਰ ਕਨੇਡਾ ਅਨੁਸਾਰ ਪਹਿਲਾਂ ਗੁਰਮਤਿ ਸਮਾਗਮ 1 ਮਈ ,2026 ਦਿਨ ਸ਼ੁੱਕਰਵਾਰ ਸ਼ਾਮ ਨੂੰ ਸੰਤ ਬਾਬਾ ਗੁਰਬਖਸ਼ ਸਿੰਘ ਖਾਲਸਾ ਅਕੈਡਮੀ ਪਿੰਡ ਜਬੋਵਾਲ ਵਿਖੇ ਸ਼ਾਮ 6 ਤੋਂ 8 ਵਜੇ ਤੱਕ ਹੋਵੇਗਾ। ਸੰਤ ਬਾਬਾ ਮਲਕੀਤ ਸਿੰਘ ਖਾਲਸਾ ਮੁੱਖੀ ਸੰਤ ਬਾਬਾ ਗੁਰਬਖਸ਼ ਸਿੰਘ ਖਾਲਸਾ ਅਕੈਡਮੀ ਜੱਬੋਵਾਲ ਅਤੇ ਗਿਆਨੀ ਤੇਜਬੀਰ ਸਿੰਘ ਭਲਾਈਪੁਰ ( ਕਨੇਡਾ) ਵਾਲਿਆਂ ਨੂੰ ਸਮੂਹ ਇਲਾਕੇ ਅਤੇ ਦੇਸ਼ਾਂ ਵਿਦੇਸ਼ਾਂ ਦੀਆਂ ਸੰਗਤਾਂ ਨੂੰ ਬੇਨਤੀ ਹੈ ਕਿ ਵੱਧ ਤੋਂ ਵੱਧ ਹਾਜ਼ਰੀਆਂ ਭਰ ਕੇ ਸ਼ਹੀਦਾਂ ਸਿੰਘਾਂ ਖੁਸ਼ੀਆਂ ਪ੍ਰਾਪਤ ਕਰਨ।

ਇਨ੍ਹਾਂ ਦੀਵਾਨਾਂ ਅੰਦਰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਸ਼ਬਦ ਕੀਰਤਨ ਕਰਨਗੇ,ਉਪਰੰਤ 6 ਜੂਨ ਨੂੰ ਮਨਾਏ ਜਾ ਰਹੇ ਮੁੱਖ ਤੇ ਮਹਾਨ ਸ਼ਹੀਦੀ ਜੋੜ ਮੇਲੇ ਅੰਦਰ ਵੱਡਾ ਪੰਥਕ ਇਕੱਠ ਕੀਤਾ ਜਾਵੇਗਾ ਤੇ ਪੰਥ ਪ੍ਰਸਿੱਧ ਸ਼ਖਸ਼ੀਅਤਾਂ ਹਾਜ਼ਰੀ ਭਰਨਗੀਆਂ ਤੇ ਘੱਲੂਘਾਰੇ 'ਚ ਸ਼ਹੀਦ ਹੋਏ ਸਮੂਹ ਸ਼ਹੀਦਾਂ ਨੂੰ ਯਾਦ ਕੀਤਾ ਜਾਵੇਗਾ।

# 1 ਅਤੇ 2 ਮਈ ਨੂੰ ਹੋਵੇਗਾ ਕੈਰੀਅਰ ਕੌਂਸਲਿੰਗ ਫੇਅਰ: ਕਾਲਕਾ, ਕਾਹਲੋਂ

**ਨਵੀਂ ਦਿੱਲੀ, 28 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ)**-ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਤੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਦੱਸਿਆ ਕਿ 1 ਅਤੇ 2 ਮਈ ਨੂੰ ਗੁਰਦੁਆਰਾ ਰਕਾਬਗੰਜ ਸਾਹਿਬ ਕੰਪਲੈਕਸ ਵਿਚ ਭਾਈ ਲੱਖੀ ਸ਼ਾਹ ਵਣਜਾਰਾ ਹਾਲ ਵਿਚ ਕੈਰੀਅਰ ਕੌਂਸਲਿੰਗ ਫੇਅਰ (ਸੀ ਸੀ ਜੀ) ਲਗਾਇਆ ਜਾ ਰਿਹਾ ਹੈ ਜਿਸ ਵਿਚ 9ਵੀਂ ਤੋਂ 12ਵੀਂ ਤੱਕ ਦੇ ਵਿਦਿਆਰਥੀਆਂ ਨੂੰ ਕੈਰੀਅਰ ਕੌਂਸਲਿੰਗ ਪ੍ਰਦਾਨ ਕੀਤੀ ਜਾਵੇਗੀ। ਸਰਦਾਰ ਕਾਲਕਾ ਤੇ ਸਰਦਾਰ ਕਾਹਲੋਂ ਨੇ ਦੱਸਿਆ ਕਿ ਇਸ ਫੇਅਰ ਵਿਚ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨਾਲ ਸਬੰਧਤ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲਾਂ ਦੇ 9ਵੀਂ ਤੋਂ 12ਵੀਂ ਦੇ ਵਿਦਿਆਰਥੀ ਅਤੇ ਦਿੱਲੀ ਯੂਨੀਵਰਸਿਟੀ ਤੇ ਆਈ ਪੀ ਯੂਨੀਵਰਸਿਟੀ ਦੇ ਵਿਦਿਆਰਥੀ ਭਾਗ ਲੈਣਗੇ। ਉਹਨਾਂਕਿਹਾ ਕਿ ਇਹ ਫੇਅਰ ਆਯੋਜਿਤ ਕਰਨ ਦਾ ਮਕਸਦ ਵਿਦਿਆਰਥੀਆਂ ਨੂੰ ਉਹਨਾਂ ਦੀ ਦਿਲਚਸਪੀ ਮੁਤਾਬਕ ਉਹਨਾਂ ਦੇ ਭਵਿੱਖੀ ਜੀਵਨ ਵਾਸਤੇ ਉਹਨਾਂ ਦਾ ਮਾਰਗ ਦਰਸ਼ਨ ਕਰਨਾ ਹੈ। ਉਹਨਾਂ ਕਿਹਾ ਕਿ ਅਕਸਰ ਇਹ ਵੇਖਣ ਨੂੰ ਮਿਲਦਾ ਹੈ ਕਿ ਵਿਦਿਆਰਥੀਆਂ ਨੂੰ ਭਵਿੱਖ ਵਿਚ ਅਪਣਾਏ ਜਾਣ ਵਾਲੇ ਕੈਰੀਅਰ ਸਬੰਧੀ ਬਹੁਤੀ ਜਾਣਕਾਰੀ ਨਹੀਂ ਹੁੰਦੀ ਜਿਸ ਕਾਰਨ ਉਹ ਉਲਝ ਜਾਂਦੇ ਹਨ ਤੇ ਉਹਨਾਂ ਦਾ ਇਕ-ਇਕ ਜਾਂ ਦੋ-ਦੋ ਸਾਲ ਖਰਾਬ ਹੋ ਜਾਂਦੇ ਹਨ। ਉਹਨਾਂ ਕਿਹਾ ਕਿ ਹੁਣ ਵੀ ਸਾਡੇ ਕੋਲ ਤਾਜ਼ਾ ਮਾਮਲੇ ਅਜਿਹੇ ਆਏ ਹਨ ਜਿਸ ਵਿਚ ਵਿਦਿਆਰਥੀ ਉਲਝੇ ਹੋਏ ਸਨ ਕਿ ਉਹਨਾਂ ਭਵਿੱਖ ਵਿਚ ਵੀ ਕਰਨਾ ਹੈ। ਉਹਨਾਂ ਕਿਹਾ ਕਿ ਦਿੱਲੀ ਗੁਰਦੁਆਰਾ ਕਮੇਟੀ ਇਹ ਸੀ ਸੀ ਜੀ ਕੈਂਪ ਨਿਯਮਿਤ ਲਗਾ ਕੇ ਵਿਦਿਆਰਥੀਆਂ ਦਾ ਮਾਰਗ ਦਰਸ਼ਨ ਕਰਦੀ ਹੈ ਤੇ ਸਾਡੀ ਮੁਹਿੰਮ ਨੂੰ ਹਮੇਸ਼ਾ ਚੰਗਾ ਹੁੰਗਾਰਾ ਮਿਲਦਾ ਹੈ। ਉਹਨਾਂ ਦੱਸਿਆ ਕਿ ਇਸ ਫੇਅਰ ਵਿਚ ਵੱਖ-ਵੱਖ ਕਾਲਜਾਂ ਤੇ ਵੱਖ-ਵੱਖ ਕੈਰੀਅਰ ਆਪਸ਼ਨਾਂ ਦੇ ਸਟਾਲ ਲੱਗਣਗੇ ਜਿਥੇ ਵਿਦਿਆਰਥੀ ਆਪਣੀ ਰਜਿਸਟਰੇਸ਼ਨ ਕਰਵਾ ਕੇ ਇਸ ਫੇਅਰ ਦਾ ਲਾਭ ਲੈ ਸਕਦੇ ਹਨ।




# ਦਿੱਲੀ ਬੈਠੇ ਸਿਆਸੀ ਆਗੂ ਪੰਜਾਬ ਨੂੰ ਸਮਝਣ ਦੀ ਬਜਾਏ ਉਲਟ ਬਿਰਤਾਂਤ ਘੜਦੇ ਹਨ- ਗਿਆਨੀ ਹਰਪ੍ਰੀਤ ਸਿੰਘ

**ਚੰਡੀਗੜ੍ਹ, 28 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਦਿੱਲੀ ਬੈਠੇ ਸਿਆਸੀ ਆਗੂਆਂ ਨੂੰ ਅਕਸਰ ਪੰਜਾਬ ਦੀ ਜ਼ਮੀਨੀ ਹਕੀਕਤ ਦੀ ਸਮਝ ਨਹੀਂ ਹੁੰਦੀ। ਪੰਜਾਬ ਨੂੰ ਸਮਝਣ ਦੀ ਬਜਾਏ ਉਹ ਇਸਦੇ ਖਿਲਾਫ਼ ਵਿਰਤਾਂਤ ਘੜਦੇ ਹਨ। ਜਿੱਥੇ ਪੰਜਾਬ ਨੂੰ ਕੱਟੜ ਜਾਂ ਦੇਸ਼ ਵਿਰੋਧੀ ਤਸਵੀਰ ਵਿੱਚ ਪੇਸ਼ ਕਰਨ ਦੀ ਕੋਸ਼ਿਸ਼ ਕੀਤੀ ਜਾਂਦੀ ਹੈ। ਇਹਨਾਂ ਗੱਲਾਂ ਦਾ ਪ੍ਰਗਟਾਵਾ ਗਿਆਨੀ ਹਰਪ੍ਰੀਤ ਸਿੰਘ ਨੇ ਇਕ ਲਿਖਤੀ ਪ੍ਰੈੱਸ ਬਿਆਨ ਵਿੱਚ ਕੀਤਾ। ਉਹਨਾ ਕਿਹਾ ਕਿ ਅੱਜ ਅਜੇ ਮਾਕਨ ਵੱਲੋਂ ਪ੍ਰੈੱਸ ਕਾਨਫਰੰਸ ਵਿੱਚ ਪੰਜਾਬ ਦੇ ਹੱਕਾਂ ਦੀ ਗੱਲ ਕਰਨ ਵਾਲਿਆਂ ਨੂੰ "ਵੱਖਵਾਦੀ ਤਾਕਤਾਂ" ਕਹਿਣਾ ਗੰਭੀਰ ਸਵਾਲ ਖੜ੍ਹੇ ਕਰਦਾ ਹੈ। ਕੀ ਆਪਣੇ ਸੂਬੇ ਦੇ ਹੱਕਾਂ ਲਈ ਆਵਾਜ਼ ਬੁਲੰਦ ਕਰਨਾ ਹੁਣ ਵੱਖਵਾਦ ਮੰਨਿਆ ਜਾਵੇਗਾ? ਕਾਂਗਰਸ ਦੀ ਐਸੀ ਸੋਚ ਪਹਿਲਾਂ ਵੀ ਪੰਜਾਬ ਨੂੰ ਨੁਕਸਾਨ ਪਹੁੰਚਾ ਚੁੱਕੀ ਹੈ। ਅੱਜ ਵੀ ਫਿਰ ਉਹੀ ਕੁਝ ਦੁਹਰਾਇਆ ਜਾ ਰਿਹਾ ਹੈ। ਇੱਕ ਪਾਸੇ ਪੁਰਾਣੇ ਜ਼ਖਮਾਂ 'ਤੇ ਮੱਲ੍ਹਮ ਲਗਾਉਣ ਦੀ ਗੱਲ ਕੀਤੀ ਜਾਂਦੀ ਹੈ ਪਰ ਦੂਜੇ ਪਾਸੇ ਪੰਜਾਬ ਖਿਲਾਫ਼ ਇਸ ਤਰ੍ਹਾਂ ਦੇ ਨਫ਼ਰਤੀ ਬਿਰਤਾਂਤ ਘੜਨ ਵਾਲੇ ਬਿਆਨ ਦਿੱਤੇ ਜਾਂਦੇ ਹਨ। ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ ਰਾਹੁਲ ਗਾਂਧੀ ਅਤੇ ਪੰਜਾਬ ਕਾਂਗਰਸ ਨੂੰ ਇਸ ਬਿਆਨ 'ਤੇ ਤੁਰੰਤ ਸਪੱਸ਼ਟੀਕਰਨ ਦੇਣਾ ਚਾਹੀਦਾ ਹੈ, ਕਿ ਕੀ ਉਹ ਅਜੇ ਮਾਕਨ ਦੇ ਬਿਆਨ ਨਾਲ ਸਹਿਮਤ ਹਨ ਜਾਂ ਇਸ ਦੇ ਵਿਰੁੱਧ। ਉਹਨਾਂ ਨੂੰ ਦਿੱਲੀ ਦੇ ਇਸ ਲੀਡਰ ਤੋਂ ਪੰਜਾਬ ਦੀ ਛਵੀ ਨੂੰ ਨੁਕਸਾਨ ਪਹੁੰਚਾਉਣ ਬਦਲੇ ਤੁਰੰਤ ਮੁਆਫ਼ੀ ਮੰਗਵਾਉਣੀ ਚਾਹੁੰਦੀ ਹੈ। ਇਹ ਪ੍ਰੈੱਸ ਬਿਆਨ ਮੀਡੀਆ ਇੰਚਾਰਜ ਸ ਤੇਜਿੰਦਰ ਸਿੰਘ ਪੰਨੂੰ ਵੱਲੋਂ ਜਾਰੀ ਕੀਤਾ ਗਿਆ।



# ਅਕਾਲੀ ਦਲ ਵਾਰਿਸ ਪੰਜਾਬ ਵੱਲੋਂ ਫਿਰੋਜ਼ਪੁਰ ਵਿਖੇ ਪੰਥ ਬਚਾਓ ਪੰਜਾਬ ਬਚਾਓ ਪ੍ਰੋਗਰਾਮ 30 ਅਪ੍ਰੈਲ ਨੂੰ

ਫ਼ਿਰੋਜ਼ਪੁਰ, 28 ਅਪ੍ਰੈਲ (ਮਨੋਹਰ ਲਾਲ) :— ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਵਿੱਢੀ ਗਈ ਪੰਥ ਬਚਾਓ ਪੰਜਾਬ ਬਚਾਓ ਮੁਹਿੰਮ ਦੇ ਤਹਿਤ ਪੰਜਾਬ ਦੇ ਵੱਖ—ਵੱਖ ਸ਼ਹਿਰਾਂ ਵਿੱਚ ਪ੍ਰੋਗਰਾਮ ਉਲੀਕੇ ਜਾ ਰਹੇ ਹਨ। ਇਸੇ ਲੜੀ ਤਹਿਤ ਆਉਂਦੀ 30 ਅਪ੍ਰੈਲ 2026 ਦਿਨ ਵੀਰਵਾਰ ਨੂੰ ਫਿਰੋਜ਼ਪੁਰ ਵਿਖੇ ਇੱਕ ਵਿਸ਼ਾਲ ਇਕੱਠ ਕੀਤਾ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਕਰਨਵੀਰ ਸਿੰਘ ਖਾਲਸਾ ਨੇ ਦੱਸਿਆ ਕਿ ਆਨੰਦ ਬੈਂਕਟ ਹਾਲ ਮੋਗਾ ਰੋਡ, ਦਾਣਾ ਮੰਡੀ, ਫ਼ਿਰੋਜ਼ਪੁਰ ਛਾਉਣੀ ਵਿਖੇ ਸਵੇਰੇ 11 ਵਜੇ ਕਨਵੈਨਸ਼ਨ ਕੀਤੀ ਜਾਵੇਗੀ, ਜਿਸ ਵਿਚ ਵੱਡੀ ਤਦਾਦ ਪੰਥ ਦਰਦੀਆਂ ਵੱਲੋਂ ਸ਼ਮੂਲੀਅਤ ਕਰਕੇ ਜ਼ਰੂਰੀ ਮਸਲਿਆਂ ਦੇ ਹੱਲ ਲਈ ਰਣਨੀਤੀ ਬਣਾਈ ਜਾਵੇਗੀ।



ਉਨ੍ਹਾਂ ਦੱਸਿਆ ਕਿ ਇਸ ਦਿਨ ਪੰਥਕ ਅਤੇ ਪੰਜਾਬ ਦੇ ਮੌਜੂਦਾ ਮਸਲਿਆਂ ਤੇ ਵਿਚਾਰਾਂ ਕੀਤੀਆਂ ਜਾਣਗੀਆਂ। ਪਾਰਟੀ ਆਗੂਆਂ ਕਰਨਵੀਰ ਸਿੰਘ ਖਾਲਸਾ (ਆਈ.ਟੀ. ਸੈਲ ਪੰਜਾਬ), ਜਗਦੀਪ ਸਿੰਘ ਭੁੱਲਰ (ਜ਼ਿਲ੍ਹਾ ਪ੍ਰਧਾਨ ਫਿਰੋਜ਼ਪੁਰ) ਅਤੇ ਡਾਕਟਰ ਅਵਤਾਰ ਸਿੰਘ (ਸੇਵਾਦਾਰ ਹਲਕਾ ਫਿਰੋਜ਼ਪੁਰ ਦਿਹਾਤੀ) ਨੇ ਸਾਂਝੇ ਤੌਰ ਤੇ ਦੱਸਿਆ ਕਿ ਇਹ ਪ੍ਰੋਗਰਾਮ ਗੁਰੂ ਆਸ਼ੇ ਅਨੁਸਾਰ ਕਰਵਾਇਆ ਜਾ ਰਿਹਾ ਹੈ ਉਨ੍ਹਾਂ ਸਮੂਹ ਸੰਗਤਾਂ ਨੂੰ ਨਿਮਰਤਾ ਸਹਿਤ ਬੇਨਤੀ ਕੀਤੀ ਕਿ ਇਸ ਪ੍ਰੋਗਰਾਮ ਵਿੱਚ ਵੱਧ—ਚੜ੍ਹ ਕੇ ਹਿੱਸਾ ਲੈਣ ਅਤੇ ਸਮੇਂ ਸਿਰ ਪਹੁੰਚ ਕੇ ਗੁਰੂ ਰੂਪੀ ਸਾਧ ਸੰਗਤ ਦੇ ਚਰਨਾਂ ਵਿੱਚ ਆਪਣੀ ਹਾਜ਼ਰੀ ਲਗਵਾਉਣ।

ਰਾਜਸਥਾਨ ਹਨੂੰਮਾਨਗੜ੍ਹ ਵਿਖੇ ਗੌਤਮ ਅਗਰਵਾਲ ਅਤੇ ਯੋਗਿਤਾ ਗੋਇਲ ਦੇ ਸ਼ੁਭ ਵਿਵਾਹ ਮੌਕੇ

# ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਅਸ਼ੀਰਵਾਦ ਦੇਣ ਪਹੁੰਚੇ
















ਰਾਜਸਥਾਨ ਹਨੂੰਮਾਨਗੜ੍ਹ ਵਿਖੇ ਸਾਡੇ ਸੇਠ ਸ੍ਰੀ ਰੰਟੀ ਸਿੰਗਲਾ ਮੰਡੀ ਕਾਲਾਂਵਾਲੀ ਦੇ ਸਪੁੱਤਰ ਕੇਸਵ ਸਿੰਗਲਾ ਦੇ ਸਾਲੇ ਗੌਤਮ ਅਗਰਵਾਲ ਅਤੇ ਯੋਗਿਤਾ ਗੋਇਲ ਦੇ ਸ਼ੁਭ ਵਿਵਾਹ ਮੌਕੇ ਪਿਆਰ ਭਰੇ ਸੱਦੇ ਤੇ ਸੁਭਾਗੀ ਜੋੜੀ ਨੂੰ 26 ਅਪ੍ਰੈਲ 2026 ਨੂੰ ਅਸ਼ੀਰਵਾਦ ਦੇਣ ਪੁੱਜੇ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ,ਸ੍ਰੀ ਰੰਟੀ ਸਿੰਗਲਾ ਤੇ ਸ੍ਰੀ ਸ਼ਸ਼ੀ ਸਿੰਗਲਾ ਮੰਡੀ ਕਾਲਾਂਵਾਲੀ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243




### ਸੇ.ਰਪੁਰ ਕਲਾਂ ਵਿੱਚ ਸੁਖਪਾਲ ਸਿੰਘ ਖਹਿਰਾ ਦੀ ਅਗਵਾਈ ਹੇਠ ਹੋਈ ਵਿਸੇਸ਼ ਮੀਟਿੰਗ

# ਗੁਰਜਿੰਦਰ ਸਿੰਘ ਬਿੱਟੂ ਮਾਣੂੰਕੇ ਨੂੰ ਪੰਜਾਬ ਕਿਸਾਨ ਕਾਂਗਰਸ ਦਾ ਜਨਰਲ ਸਕੱਤਰ ਐਲਾਨਿਆ





ਜਗਰਾਉਂ -(ਵਰਿਆਮ ਹਠੂਰ) ਆਲ ਇੰਡੀਆ ਕਿਸਾਨ ਕਾਂਗਰਸ ਦੇ ਪ੍ਰਧਾਨ ਸ੍ਰ: ਸੁਖਪਾਲ ਸਿੰਘ ਖਹਿਰਾ ਦੀ ਅਗਵਾਈ ਹੇਠ ਪਿੰਡ ਸੇ.ਰਪੁਰ ਕਲਾਂ ਵਿਖੇ ਸਾਬਕਾ ਸਰਪੰਚ ਸਰਬਜੀਤ ਸਿੰਘ ਦੇ ਗ੍ਰਹਿ ਵਿਖੇ ਆਗੂਆਂ ਅਤੇ ਵਰਕਰਾਂ ਦੀ ਇੱਕ ਭਰਵੀਂ ਮੀਟਿੰਗ ਹੋਈ ਜਿਸ ਵਿੱਚ ਪੰਜਾਬ ਕਿਸਾਨ ਸੈੱਲ ਦੇ ਪ੍ਰਧਾਨ ਕਿਰਨਜੀਤ ਸਿੰਘ ਮਿੱਠਾ, ਸੀਨੀਅਰ ਆਗੂ ਜਗਤਾਰ ਸਿੰਘ ਜੱਗਾ ਹਿੱਸੋਵਾਲ, ਬਲਾਕ ਪ੍ਰਧਾਨ ਨਵਦੀਪ ਸਿੰਘ ਗਰੇਵਾਲ, ਗੁਰਜਿੰਦਰ ਸਿੰਘ ਬਿੱਟੂ ਮਾਣੂੰਕੇ, ਹਰਪ੍ਰੀਤ ਸਿੰਘ ਸ਼ਹਿਰੀ ਕਾਂਗਰਸ ਦੇ ਬਲਾਕ ਪ੍ਰਧਾਨ, ਸਾਬਕਾ ਸਰਪੰਚ ਸਰਬਜੀਤ ਸਿੰਘ ਸਮੇਤ ਅਨੇਕਾਂ ਆਗੂਆਂ ਅਤੇ ਵਰਕਾਰਾਂ ਨੇ ਮੀਟਿੰਗ ਵਿੱਚ ਸਮੂਲੀਅਤ ਕੀਤੀ, ਤੇ 2027 ਦੀਆਂ ਚੋਣਾਂ ਨੂੰ ਲੈ ਕੇ ਵਿਚਾਰ ਵਟਾਂਦਰਾ ਕੀਤਾ ਗਿਆ, ਇਸ ਮੌਕੇ ਵੱਖ ਵੱਖ ਆਗੂਆਂ ਵੱਲੋਂ ਸੰਬੋਧਨ ਕੀਤਾ, ਇਸ ਮੌਕੇ ਗੱਲਬਾਤ ਕਰਦਿਆਂ ਆਲ ਇੰਡੀਆ ਕਿਸਾਨ ਕਾਂਗਰਸ ਦੇ ਪ੍ਰਧਾਨ ਸੁਖਪਾਲ ਸਿੰਘ ਖਹਿਰਾ ਨੇ ਕਿਹਾ ਕਿ ਅੱਜ ਪੰਜਾਬ ਕਿਸ ਹਾਲਾਤਾਂ ਵਿੱਚੋਂ ਗੁਜਰ ਰਿਹਾ ਹੈ। ਇਸ ਤੋਂ ਕੋਈ ਵੀ ਅਣਜਾਣ ਨਹੀਂ ਤੇ ਆਮ ਆਦਮੀ ਪਾਰਟੀ ਨੂੰ ਵੋਟਾਂ ਪਾ ਕੇ ਲੋਕ ਆਪਣੇ ਆਪ ਨੂੰ ਠੱਗਿਆ-ਠੱਗਿਆ ਮਹਿਸੂਸ ਕਰ ਰਹੇ ਹਨ। ਕਿਉਂਕਿ ਆਮ ਆਦਮੀ ਪਾਰਟੀ ਨੇ ਝੂਠ ਦੀ ਬੁਨਿਆਦ ਤੇ ਆਪਣੀ ਸਰਕਾਰ ਬਣਾਈ ਤੇ ਲੋਕਾਂ ਨੂੰ ਲਾਰਿਆਂ ਦਾ ਲਾਲੀਪਾਪ ਦਿੱਤਾ, ਆਮ ਆਦਮੀ ਪਾਰਟੀ ਦੀਆਂ ਗਲਤ ਨੀਤੀਆਂ ਕਾਰਨ ਰਾਜ ਸਭਾ ਮੈਂਬਰ ਵੀ ਆਮ ਆਦਮੀ ਪਾਰਟੀ ਛੱਡ ਰਹੇ ਹਨ। ਤੇ ਆਉਣ ਵਾਲੇ ਸਮੇਂ ਵਿੱਚ ਵੱਡੀ ਉਥਲ ਪੁਥਲ ਹੋਵੇਗੀ ਤੇ ਲੋਕ 2027 ਦੀਆਂ ਚੋਣਾਂ ਵਿੱਚ ਆਮ ਆਦਮੀ ਪਾਰਟੀ ਦਾ ਪੰਜਾਬ ਚੋਂ ਬਿਸਤਰਾ ਗੋਲ ਕਰ ਦੇਣਗੇ, ਉਨ੍ਹਾਂ ਨੇ ਇਕੱਤਰ ਆਗੂਆਂ ਅਤੇ ਵਰਕਰਾਂ ਨੂੰ ਅਪੀਲ ਕੀਤੀ ਕਿ ਇੱਕਜੁੱਟ ਹੋ ਕੇ ਕਾਂਗਰਸ ਨੂੰ ਮਜਬੂਤ ਕਰੀਏ, ਤੇ 2027 ਦੀਆਂ ਚੋਣਾਂ ਮੌਕੇ ਪੰਜਾਬ ਵਿੱਚ ਕਾਂਗਰਸ ਦੀ ਸਰਕਾਰ ਬਣਾਈਏ, ਇਸ ਮੌਕੇ ਸੀਨੀਅਰ ਆਗੂ ਗੁਰਜਿੰਦਰ ਸਿੰਘ ਬਿੱਟੂ ਮਾਣੂੰਕੇ ਨੂੰ ਪੰਜਾਬ ਕਿਸਾਨ ਕਾਂਗਰਸ ਦਾ ਜਨਰਲ ਸਕੱਤਰ ਵੀ ਐਲਾਨਿਆ ਗਿਆ, ਤੇ ਸਮੂਹ ਆਗੂਆਂ ਅਤੇ ਵਰਕਰਾਂ ਨੇ ਗੁਰਜਿੰਦਰ ਸਿੰਘ ਬਿੱਟੂ ਮਾਣੂੰਕੇ ਨੂੰ ਮੁਬਾਰਕਾਂ ਦਿੱਤੀਆਂ, ਇਸ ਮੌਕੇ ਪੰਜਾਬ ਕਿਸਾਨ ਕਾਂਗਰਸ ਦੇ ਨਵੇਂ ਐਲਾਨੇ ਜਨਰਲ ਸਕੱਤਰ ਗੁਰਜਿੰਦਰ ਸਿੰਘ ਬਿੱਟੂ ਮਾਣੂੰਕੇ ਨੇ ਕਿਹਾ ਕਿ ਜੋ ਵੀ ਸੀਨੀਅਰ ਆਗੂਆਂ ਵੱਲੋਂ ਜੋ ਜਿੰਮੇਵਾਰੀ ਉਨ੍ਹਾਂ ਨੂੰ ਸੌਂਪੀ ਗਈ ਹੈ। ਉਸ ਨੂੰ ਉਹ ਪੂਰੀ ਇਮਾਨਦਾਰੀ ਅਤੇ ਤਨਦੇਹੀ ਨਾਲ ਨਿਭਾਉਣਗੇ, ਉਨ੍ਹਾਂ ਸ੍ਰ: ਸੁਖਪਾਲ ਸਿੰਘ ਖਹਿਰਾ ਪ੍ਰਧਾਨ ਆਲ ਇੰਡੀਆ ਕਿਸਾਨ ਕਾਂਗਰਸ, ਪੰਜਾਬ ਕਾਂਗਰਸ ਕਮੇਟੀ ਦੇ ਸੂਬਾ ਪ੍ਰਧਾਨ ਰਾਜਾ ਵੜਿੰਗ, ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ, ਕੈਪਟਨ ਸੰਦੀਪ ਸੰਧੂ, ਪੰਜਾਬ ਕਿਸਾਨ ਕਾਂਗਰਸ ਦੇ ਪ੍ਰਧਾਨ ਕਿਰਨਜੀਤ ਸਿੰਘ ਸੰਧੂ (ਮਿੱਠਾ), ਸਾਬਕਾ ਐਮ.ਐਲ. ਏ ਜਗਤਾਰ ਸਿੰਘ ਜੱਗਾ ਹਿੱਸੋਵਾਲ, ਸਾਬਕਾ ਐੱਮ ਐੱਲ ਏ ਹਰਮਿੰਦਰ ਸਿੰਘ ਗਿੱਲ ਹਲਕਾ ਪੱਟੀ ਦਾ ਵੀ ਧੰਨਵਾਦ ਕੀਤਾ, ਇਸ ਮੌਕੇ ਕਬੱਡੀ ਖਿਡਾਰੀ ਹਰਪ੍ਰੀਤ ਸਿੰਘ ਹੈਪੀ ਮਾਣੂੰਕੇ, ਸਤਨਾਮ ਸਿੰਘ ਸੱਤੀ ਮਾਣੂੰਕੇ, ਬਲਜੀਤ ਸਿੰਘ ਗਿੱਲ ਝੱਲੀ, ਲਾਲੀ ਮਾਣੂੰਕੇ, ਜਸਵੀਰ ਸਿੰਘ ਸੀਰਾ, ਅਮਨਦੀਪ ਸਿੰਘ ਵਿੱਕੀ, ਕੁਲਦੀਪ ਕੌਰ ਭੱਠਲ, ਗੋਪੀ ਭੱਠਲ, ਇੰਦਰਜੀਤ ਸਿੰਘ, ਕਰਨ ਗਿੱਲ ਸਮੇਤ ਅਨੇਕਾਂ ਆਗੂ ਅਤੇ ਵਰਕਰ ਹਾਜਰ ਸਨ।



# ਮੁੱਖ ਮੰਤਰੀ ਸਾਹਿਬ ਜੀ ਅੰਮ੍ਰਿਤਸਰ ਵਿੱਚ ਗੈਰਕਾਨੂੰਨੀ ਟੋਇੰਗ ਵੈਨਾ ਦੁਆਰਾ ਹੋ ਰਹੀ ਲੁੱਟ ਅਤੇ ਦੁਰਵਿਵਹਾਰ ਨੂੰ ਰੋਕਿਆ ਜਾਵੇ:ਦੇਵ ਆਨੰਦ

**ਚੌਕ ਮਹਿਤਾ, 28 ਅਪ੍ਰੈਲ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਅੰਮ੍ਰਿਤਸਰ ਸ਼ਹਿਰ ਵਿੱਚ ਟ੍ਰੈਫਿਕ ਵਿਭਾਗ ਦੇ ਅਧੀਨ ਚੱਲ ਰਹੀਆਂ ਟੋਇੰਗ ਵੈਨਾਂ ਨੂੰ ਗੈਰਕਾਨੂੰਨੀ



ਅਤੇ ਮਨਮਾਨੇ ਢੰਗ ਨਾਲ ਵਰਤਿਆ ਜਾ ਰਿਹਾ ਹੈ, ਜਿਸ ਕਾਰਨ ਆਮ ਲੋਕਾਂ ਨੂੰ ਭਾਰੀ ਪਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ ਇਹਨਾ ਸ਼ਬਦਾਂ ਦਾ ਪ੍ਰਗਟਾਵਾ ਦੇਵ ਆਨੰਦ ਵਾਸੀ ਸੁਲਤਾਨਵਿੰਡ ਰੋਡ ਨੇ ਪੱਤਰਕਾਰਾ ਨਾਲ ਗੱਲਬਾਤ ਦੌਰਾਨ ਕੀਤਾ ਓਨਾਂ ਕਿਹਾ ਕਿ ਅਕਸਰ ਇਹ ਵੇਖਣ ਵਿੱਚ ਆਉਂਦਾ ਹੈ ਕਿ ਟੋਇੰਗ ਵੈਨ ਕਰਮਚਾਰੀ ਲੋਕਾਂ ਨਾਲ ਤਕਰਾਰ ਕਰਦੇ ਹਨ ਅਤੇ ਬਿਨਾਂ ਢੰਗ ਦੀ ਜਾਣਕਾਰੀ ਜਾ ਨਿਯਮਾਂ ਦੀ ਪਾਲਣਾ ਕੀਤੇ ਵਾਹਨਾਂ ਨੂੰ ਟੋ ਕਰ ਲੈਂਦੇ ਹਨ। ਕਈ ਵਾਰ ਤਾਂ ਉਹਨਾਂ ਗੱਡੀਆਂ ਨੂੰ ਵੀ ਚੁੱਕ ਲਿਆ ਜਾਂਦਾ ਹੈ ਜਿਨ੍ਹਾਂ ਵਿੱਚ ਸਵਾਰੀਆਂ ਬੈਠੀਆਂ ਹੁੰਦੀਆਂ ਹਨ, ਜੋ ਕਿ ਕਾਨੂੰਨ ਦੇ ਉਲਟ ਅਤੇ ਜਨਤਾ ਦੀ ਸੁਰੱਖਿਆ ਲਈ ਖਤਰਨਾਕ ਹੈ। ਇਸ ਤੋਂ ਇਲਾਵਾ, ਕਈ ਥਾਵਾਂ ਜਿਵੇਂ ਗਿਆਨੀ ਟੀ ਸਟਾਲ ਤੋਂ ਬੰਦਰੀ ਪੁੱਲ ਤੱਕ ਟੋਇੰਗ ਵੈਨਾਂ ਗੈਰਕਾਨੂੰਨੀ ਤੌਰ 'ਤੇ ਖੜੀਆਂ ਰਹਿੰਦੀਆਂ ਹਨ ਅਤੇ ਲੋਕਾਂ ਤੋਂ ਗਲਤ ਢੰਗ ਨਾਲ ਪੈਸੇ ਵਸੂਲ ਕੀਤੇ ਜਾਣ ਦੇ ਦੋਸ਼ ਵੀ ਲਗਦੇ ਰਹੇ ਹਨ। ਇਹ ਹਾਲਤ ਪ੍ਰਸ਼ਾਸਨ ਦੀ ਕਾਰਗੁਜ਼ਾਰੀ 'ਤੇ ਸਵਾਲ ਖੜੇ ਕਰਦੀ ਹੈ ਦੇਵ ਆਨੰਦ ਨੇ ਮੁੱਖ ਮੰਤਰੀ ਸ੍ਰ ਭਗਵੰਤ ਸਿੰਘ ਮਾਨ ਪਾਸੋ ਅਪੀਲ ਕੀਤੀ ਕਿ ਇਸ ਮਾਮਲੇ ਦੀ ਉੱਚ ਪੱਧਰੀ ਅਤੇ ਨਿਰਪੱਖ ਜਾਂਚ ਕਰਵਾਈ ਜਾਵੇ। ਜੇਕਰ ਕੋਈ ਅਧਿਕਾਰੀ ਜਾਂ ਕਰਮਚਾਰੀ ਦੋਸ਼ੀ ਪਾਇਆ ਜਾਂਦਾ ਹੈ ਤਾਂ ਉਸ ਵਿਰੁੱਧ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇ, ਤਾਂ ਜੋ ਆਮ ਜਨਤਾ ਨੂੰ ਨਿਆਂ ਮਿਲ ਸਕੇ। ਇਸ ਦੇ ਨਾਲ ਹੀ ਬੇਨਤੀ ਹੈ ਕਿ ਅੰਮ੍ਰਿਤਸਰ ਵਿੱਚ ਟੋਇੰਗ ਵੈਨਾਂ ਦੇ ਕੰਮ ਨੂੰ ਪੂਰੀ ਪਾਰਦਰਸ਼ਤਾ ਨਾਲ ਨਿਯਮਤ ਕੀਤਾ ਜਾਵੇ ਜਾਂ ਫਿਰ ਠੇਕੇ ਦੀ ਪ੍ਰਕਿਰਿਆ ਨੂੰ ਸਹੀ ਅਤੇ ਕਾਨੂੰਨੀ ਢੰਗ ਨਾਲ ਲਾਗੂ ਕੀਤਾ ਜਾਵੇ, ਤਾਂ ਜੋ ਕਿਸੇ ਵੀ ਤਰ੍ਹਾਂ ਦੀ ਗਲਤ ਕਾਰਵਾਈ ਨੂੰ ਰੋਕਿਆ ਜਾ ਸਕੇ ਆਪ ਜੀ ਤੋਂ ਉਮੀਦ ਕਰਦੇ ਹਾਂ ਕਿ ਇਸ ਗੰਭੀਰ ਮਾਮਲੇ ਵਿੱਚ ਜਲਦੀ ਤੋਂ ਜਲਦੀ ਕਾਰਵਾਈ ਕਰੋਗੇ।

# ਸੇਂਟ ਸੋਲਜਰ ਸਕੂਲ ਵਿਖੇ 26-27 ਸੈਸ਼ਨ ਦੇ ਆਗਾਜ ਤੇ ਅਧਿਆਪਕ ਮਾਪੇ ਮਿਲਣੀ ਕੀਤੀ ਗਈ

## ਬੱਚਿਆਂ ਨੂੰ ਕਿਸੇ ਚੰਗੇ ਅਹੁਦੇ ਤੇ ਪਹੁੰਚਾਉਣ ਲਈ ਸਮੇਂ ਸਮੇਂ ਤੇ ਅਧਿਆਪਕ ਅਤੇ ਬੱਚਿਆਂ ਦੇ ਮਾਪਿਆਂ ਦਾ ਮਿਲਣਾ ਬਹੁਤ ਜਰੂਰੀ ਡਾ; ਮੰਗਲ ਸਿੰਘ ਕਿਸ਼ਨਪੁਰੀ



**ਜੰਡਿਆਲਾ ਗੁਰੂ 28 ਅਪ੍ਰੈਲ ( ਕੁਲਵੰਤ ਸਿੰਘ ਵਿਰਦੀ )**-ਸੇਂਟ ਸੋਲਜਰ ਇਲੀਟ ਕਾਨਵੈਂਟ ਸਕੂਲ ਜੰਡਿਆਲਾ ਗੁਰੂ ਵਿੱਚ ਨਵੇਂ ਸੈਸ਼ਨ 2026-27 ਦੀ ਪਹਿਲੀ (ਪੀਟੀ ਮੀਟ) ਅਧਿਆਪਕ ਮਾਪੇ ਮਿਲਣੀ ਰੱਖੀ ਗਈ। ਜਿਸ ਵਿੱਚ ਸਕੂਲ ਦੇ ਸਾਰੇ ਬੱਚਿਆਂ ਦੇ ਮਾਪਿਆਂ ਨੇ ਬੜੇ ਉਤਸ਼ਾਹ ਅਤੇ ਉਤਸੁਕਤਾ ਨਾਲ ਹਿੱਸਾ ਲਿਆ।ਮਾਪਿਆਂ ਨੇ ਆਪਣੇ ਬੱਚਿਆਂ ਦੇ ਅਧਿਆਪਕਾਂ ਕੋਲ ਬੈਠ ਕੇ ਬੱਚਿਆਂ ਦੇ ਸਰਬਪੱਖੀ ਵਿਕਾਸ ਬਾਰੇ ਵਿਚਾਰਾਂ ਕੀਤੀਆਂ। ਬੱਚਿਆਂ ਨੂੰ ਸਮੇਂ ਦੇ ਹਾਣੀ ਬਣਾਉਣ ਲਈ ਅਤੇ ਉਹਨਾਂ ਦਾ ਭਵਿੱਖ ਉਜਵਲ ਕਰਨ ਲਈ ਮਾਪਿਆਂ ਦੀ ਸਲਾਹ ਲਈ ਗਈ। ਉਹਨਾਂ ਵੱਲੋਂ ਦਿੱਤੀਆਂ ਗਈਆਂ ਸਲਾਹਾਂ ਨੂੰ ਵੀ ਪ੍ਰਮੁਖਤਾ ਨਾਲ ਪੂਰਾ ਕਰਨ ਦਾ ਵਾਅਦਾ ਕੀਤਾ ਗਿਆ। ਮਾਪਿਆਂ ਨੇ ਸਕੂਲ ਦੇ ਪ੍ਰਬੰਧ ਤੇ ਤਸੱਲੀ ਪ੍ਰਗਟ ਕੀਤੀ। ਇਸ ਮੌਕੇ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਡਾ.ਮੰਗਲ ਸਿੰਘ ਕਿਸ਼ਨਪੁਰੀ , ਡਾਇਰੈਕਟਰ ਪ੍ਰਿੰਸੀਪਲ ਡਾ. ਅਮਰਪ੍ਰੀਤ ਕੌਰ.ਪ੍ਰਿੰਸੀਪਲ ਸੰਦੀਪ ਸ਼ਰਮਾ ਸ਼ਿਲਪਾ ਸ਼ਰਮਾ ਕੋਆਰਡੀਨੇਟਰ ਅਤੇ ਨੀਲਾਕਸ਼ੀ ਗੁਪਤਾ ਕੋਆਰਡੀਨੇਟਰ ਨੇ ਵੀ ਮਾਪਿਆਂ ਨਾਲ ਵੱਖਰੇ ਤੌਰ ਤੇ ਮੀਟਿੰਗ ਕੀਤੀ ਅਤੇ ਉਹਨਾਂ ਦੇ ਸੁਝਾਅ ਵੀ ਲਏ। ਆਏ ਹੋਏ ਮਾਪਿਆਂ ਨਾਲ ਗੱਲਬਾਤ ਕਰਦੇ ਹੋਏ ਡਾ.ਮੰਗਲ ਸਿੰਘ ਕਿਸ਼ਨਪੁਰੀ ਜੀ ਨੇ ਕਿਹਾ ਕਿ ਮਾਪੇ ਅਧਿਆਪਕ ਮਿਲਣੀ ਬੱਚਿਆਂ ਦੇ ਬਹੁ ਪੱਖੀ ਬਹੁਪੱਖੀ ਵਿਕਾਸ ਲਈ ਬਹੁਤ ਜਰੂਰੀ ਹੈ । ਬੱਚਿਆਂ ਨੂੰ ਕਿਸੇ ਚੰਗੇ ਅਹੁਦੇ ਤੇ ਪਹੁੰਚਾਉਣ ਲਈ ਉਹਨਾਂ ਦਾ ਸਹੀ ਮਾਰਗਦਰਸ਼ਨ ਕਰਨ ਲਈ ਸਮੇਂ ਸਮੇਂ ਤੇ ਅਧਿਆਪਕ ਅਤੇ ਬੱਚਿਆਂ ਦੇ ਮਾਪਿਆਂ ਦਾ ਮਿਲਣਾ ਬਹੁਤ ਜਰੂਰੀ ਹੈ। ਇਸ ਲਈ ਸਕੂਲ ਵਿੱਚ ਸਮੇਂ ਸਮੇਂ ਤੇ ਅਧਿਆਪਕ ਮਾਪੇ ਮਿਲਣੀ ਦਾ ਪ੍ਰੋਗਰਾਮ ਰੱਖਿਆ ਜਾਂਦਾ ਹੈ। ਤਾਂ ਕਿ ਬੱਚਿਆਂ ਦੇ ਮਾਪੇ ਵੀ ਆਪਣੇ ਬੱਚਿਆਂ ਪ੍ਰਤੀ ਉਹਨਾਂ ਦੇ ਅਧਿਆਪਕ ਨਾਲ ਖੁੱਲ ਕੇ ਗੱਲ ਕਰ ਸਕਣ ਅਤੇ ਅਧਿਆਪਕ ਵੀ ਬੱਚਿਆਂ ਦੀ ਪ੍ਰੋਗਰੈਸ ਰਿਪੋਰਟ ਮਾਪਿਆਂ ਨਾਲ ਸਾਂਝੀ ਕਰਨ।ਸਕੂਲ ਦੇ ਕਈ ਵਿਦਿਆਰਥੀ ਅੰਤਰਰਾਸ਼ਟਰੀ ਹਾਕੀ ਖਿਡਾਰੀ ,ਡਾਕਟਰਸ, ਇੰਜੀਨੀਅਰਸ, ਜੱਜ, ਵਕੀਲ ,ਤਹਿਸੀਲਦਾਰ, ਪੁਲਿਸ ਅਫਸਰ ਅਤੇ ਹੋਰ ਵੱਡੇ ਵੱਡੇ ਅਹੁਦਿਆਂ ਤੇ ਪਹੁੰਚੇ ਹਨ। ਜੋ ਕਿ ਸਕੂਲ ਮੈਨੇਜਮੈਂਟ ਅਧਿਆਪਕ ਅਤੇ ਮਾਪਿਆਂ ਦੇ ਆਪਸੀ ਤਾਲਮੇਲ ਦਾ ਸਦਕਾ ਹੀ ਹੈ ਅਤੇ ਇਹ ਲਗਾਤਾਰ ਜਾਰੀ ਰਹਿਣਾ ਚਾਹੀਦਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243




★ ਜਾਰੀ ਕਰਤਾ ★

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

+447458381111 +447976210161 +919729091243